SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 231 | Tuesday, December 19, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

# ਟਰੂਡੋ ਦੀ ਅਗਵਾਈ ਵਿੱਚ ਲਿਬਰਲਾਂ ਦੇ ਜਿੱਤ ਹਾਸਲ ਕਰਨ ਦਾ ਫਰੀਲੈਂਡ ਨੂੰ ਪੂਰਾ ਭਰੋਸਾ

ਓਟਵਾ, 18 ਦਸੰਬਰ (ਪੋਸਟ ਬਿਊਰੋ) : ਪਹਿਲੀ ਵਾਰੀ ਚੁਣੇ ਜਾਣ ਤੋਂ ਇੱਕ ਦਹਾਕੇ ਬਾਅਦ ਕੈਨੇਡਾ ਦੀ ਡਿਪਟੀ ਪ੍ਰਧਾਨ ਮੰਤਰੀ ਤੇ ਵਿੱਤ ਮੰਤਰੀ ਕ੍ਰਿਸਟੀਆ ਫਰੀਲੈਂਡ ਦਾ ਕਹਿਣਾ ਹੈ ਕਿ ਅਗਲੀਆਂ ਫੈਡਰਲ ਚੋਣਾਂ ਵਿੱਚ ਖੜ੍ਹੇ ਹੋਣ ਦਾ ਉਨ੍ਹਾਂ ਦਾ ਪੱਕਾ ਇਰਾਦਾ ਹੈ। ਪਰ ਉਨ੍ਹਾਂ ਇਸ ਸਵਾਲ ਦਾ ਜਵਾਬ ਦੇਣ ਤੋਂ ਟਾਲਾ ਵੱਟ ਲਿਆ ਕਿ ਕਿਤੇ ਉਹ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਅਹੁਦੇ ਉੱਤੇ ਤਾਂ ਨਜ਼ਰ ਨਹੀਂ ਰੱਖੀ ਬੈਠੀ?

ਇੱਕ ਇੰਟਰਵਿਊ ਵਿੱਚ ਫਰੀਲੈਂਡ ਨੂੰ ਇਸ ਸਮੇਂ ਲਿਬਰਲਾਂ ਦੀ ਸਥਿਤੀ ਬਾਰੇ ਪੁੱਛਿਆ ਗਿਆ ਤੇ ਇਹ ਵੀ ਪਤਾ ਲਾਉਣ ਦੀ ਕੋਸ਼ਿਸ਼ ਕੀਤੀ ਗਈ ਕਿ ਇਸ ਸਮੇਂ ਕੁੱਝ ਵੋਟਰਜ਼ ਜਿਹੜਾ ਇਹ ਸੋਚ ਰਹੇ ਹਨ ਕਿ ਟਰੂਡੋ ਨੂੰ ਆਪਣਾ ਅਹੁਦਾ ਛੱਡ ਦੇਣਾ ਚਾਹੀਦਾ ਹੈ ਇਸ ਬਾਰੇ ਉਹ ਕੀ ਸੋਚਦੀ ਹੈ?ਫਰੀਲੈਂਡ ਨੂੰ ਇਸ ਬਾਰੇ ਟੋਹਣ ਦੀ ਕੋਸ਼ਿਸ਼ ਵੀ ਕੀਤੀ ਗਈ ਕਿ ਜੇ ਪ੍ਰਧਾਨ ਮੰਤਰੀ ਬਣਨ ਦਾ ਉਨ੍ਹਾਂ ਨੂੰ ਮੌਕਾ ਮਿਲਦਾ ਹੈ ਤਾਂ ਕਿ ਉਹ ਟਰੂਡੋ ਦੀ ਥਾਂ ਲੈਣਾ ਚਾਹੇਗੀ?



ਸਵਾਲਾਂ ਦੇ ਜਵਾਬ ਦਿੰਦਿਆਂ ਫਰੀਲੈਂਡ ਨੇ ਆਖਿਆ ਕਿ ਸੱਭ ਤੋਂ ਪਹਿਲਾਂ ਉਸ ਦਾ ਸਾਰਾ ਧਿਆਨ ਕੈਨੇਡੀਅਨਜ਼ ਦੀ ਮਦਦ ਕਰਨ ਉੱਤੇ ਲੱਗਿਆ ਹੋਇਆ ਹੈ। ਉਨ੍ਹਾਂ ਆਖਿਆ ਕਿ ਲੋਕਾਂ ਨੂੰ ਸਾਡੀ ਮਦਦ ਦੀ ਲੋੜ ਹੈ। ਕੈਨੇਡੀਅਨਜ਼ ਇਹ ਨਹੀਂ ਚਾਹੁੰਦੇ ਕਿ ਅਸੀਂ ਆਪਣੇ ਵੱਲ ਧਿਆਨ ਦੇਈਏ, ਉਹ ਚਾਹੁੰਦੇ ਹਨ ਕਿ ਉਨ੍ਹਾਂ ਦੇ ਮਸਲੇ ਹੱਲ ਕੀਤੇ ਜਾਣ। ਫਰੀਲੈਂਡ ਨੇ ਆਖਿਆ ਕਿ ਉਹ ਆਪਣੇ ਪ੍ਰਧਾਨ ਮੰਤਰੀ ਦਾ ਪੂਰੀ ਤਰ੍ਹਾਂ ਸਮਰਥਨ ਕਰਦੀ ਹੈ। ਉਹ ਸਾਡੀ ਟੀਮ ਨੂੰ ਬਹੁਤ ਵਧੀਆ ਢੰਗ ਨਾਲ ਚਲਾ ਰਹੇ ਹਨ ਤੇ ਨਾਲ ਲੈ ਕੇ ਤੁਰ ਰਹੇ ਹਨ।

ਇੱਥੇ ਦੱਸਣਾ ਬਣਦਾ ਹੈ ਕਿ ਪਿਛਲੇ ਕੁੱਝ ਸਮੇਂ ਤੋਂ ਮਿਲ ਰਹੇ ਰੁਝਾਨਾਂ ਤੋਂ ਕੰਜ਼ਰਵੇਟਿਵਾਂ ਦੀ ਸਥਿਤੀ ਕਾਫੀ ਮਜ਼ਬੂਤ ਹੋ ਕੇ ਸਾਹਮਣੇ ਆਈ ਹੈ। ਨਵੇਂ ਸਰਵੇਖਣਾਂ ਤੋਂ ਤਾਂ ਇਹ ਵੀ ਸਾਹਮਣੇ ਆਇਆ ਹੈ ਕਿ ਜੇ ਅੱਜ ਚੋਣਾਂ ਹੁੰਦੀਆਂ ਹਨ ਤਾਂ ਯਕੀਨਨ ਜਿੱਤ ਕੰਜ਼ਰਵੇਟਿਵਾਂ ਦੀ ਹੋਵੇਗੀ।ਪਰ ਅਜੇ ਵੀ ਫਰੀਲੈਂਡ ਦਾ ਇਹ ਦਾਅਵਾ ਹੈ ਕਿ ਮੌਜੂਦਾ ਘੱਟ ਗਿਣਤੀ ਲਿਬਰਲ ਅਗਲੀਆਂ ਚੋਣਾਂ ਵਿੱਚ ਜਿੱਤ ਹਾਸਲ ਕਰ ਸਕਦੇ ਹਨ ਤੇ ਉਨ੍ਹਾਂ ਦੇ ਝੰਡਾਬਰਦਾਰ ਟਰੂਡੋ ਹੀ ਰਹਿਣਗੇ।

# ਮੱਧ ਵਰਗ ਦੇ ਭਵਿੱਖ ਨੂੰ ਲੈ ਕੇ ਕੈਨੇਡੀਅਨਜ਼ ਚਿੰਤਤ

ਓਟਵਾ, 18 ਦਸੰਬਰ (ਪੋਸਟ ਬਿਊਰੋ) : ਰਿਸਰਚ ਫਰਮ ਪੋਲਾਰਾ ਸਟਰੈਟੇਜਿਕ ਇਨਸਾਈਟਸ ਵੱਲੋਂ ਕਰਵਾਏ ਗਏ ਸਰਵੇਖਣ ਤੋਂ ਸਾਹਮਣੇ ਆਇਆ ਹੈ ਕਿ ਸਿਰਫ 31 ਫੀ ਸਦੀ ਤੋਂ ਵੀ ਘੱਟ ਕੈਨੇਡੀਅਨਜ਼ ਕੈਨੇਡਾ ਵਿੱਚ ਮੱਧ ਵਰਗ ਦੇ ਭਵਿੱਖ ਨੂੰ ਲੈ ਕੇ ਆਸਵੰਦ ਹਨ। ਇਸ ਸਰਵੇਖਣ ਵਿੱਚ ਪਾਇਆ ਗਿਆ ਕਿ ਪਿਛਲੇ ਨੌਂ ਸਾਲਾਂ ਵਿੱਚ ਕਦੇ ਵੀ ਕੈਨੇਡੀਅਨ ਐਨੇ ਨਿਰਾਸ਼ ਨਹੀਂ ਹੋਏ ਜਿਨਾਂ ਕਿ ਇਸ ਸਮੇਂ ਹਨ। ਪਿਛਲੀ ਵਾਰੀ ਇੱਕ ਸਰਵੇਖਣ ਅਗਸਤ 2020 ਵਿੱਚ ਕਰਵਾਇਆ ਗਿਆ ਸੀ ਤੇ ਉਸ ਸਮੇਂ ਅੱਧੇ ਤੋਂ ਵੱਧ ਕੈਨੇਡੀਅਨਜ਼ ਮੱਧਵਰਗ ਨੂੰ ਲੈ ਕੇ ਆਸਵੰਦ ਸਨ। ਅਧਿਐਨ ਵਿੱਚ ਪਾਇਆ ਗਿਆ ਕਿ ਮੱਧ ਵਰਗ ਦੀ ਸਕਾਰਾਤਮਕਤਾ ਵਿੱਚ ਪਿਛਲੇ ਕੁੱਝ ਸਾਲਾਂ ਵਿੱਚ ਕਾਫੀ ਕਮੀ ਆਈ ਹੈ।



ਸਰਵੇਖਣ ਵਿੱਚ ਹਿੱਸਾ ਲੈਣ ਵਾਲਿਆਂ ਨੇ ਆਖਿਆ ਕਿ ਮੱਧ ਵਰਗ ਨਾਲ ਜੁੜੇ ਲੋਕ ਔਸਤ ਆਮਦਨ ਵਿੱਚ ਆਰਾਮ ਭਰੀ ਜ਼ਿੰਦਗੀ ਜਿਊਣੀ ਚਾਹੁੰਦੇ ਹਨ ਤੇ ਇਹ ਵੀ ਚਾਹੁੰਦੇ ਹਨ ਕਿ ਉਨ੍ਹਾਂ ਦਾ ਆਪਣਾ ਇੱਕ ਘਰ ਹੋਵੇ। ਇਸ ਸਮੇਂ ਹਾਲਾਤ ਇਹ ਹਨ ਕਿ ਆਰਾਮ ਨਾਲ ਰਹਿਣ ਬਾਰੇ ਅਸੀਂ ਸੋਚ ਵੀ ਨਹੀਂ ਸਕਦੇ। ਲੋਕਾਂ ਨੇ ਆਖਿਆ ਕਿ ਮਹਿੰਗਾਈ ਹੱਦੋਂ ਜ਼ਿਆਦਾ ਵੱਧ ਚੁੱਕੀ ਹੈ ਤੇ ਸਾਡੀ ਤਨਖਾਹ ਉੱਥੇ ਦੀ ਉੱਥੇ ਹੀ ਖੜ੍ਹੀ ਹੈ ਇਸ ਤਰ੍ਹਾਂ ਅਸੀਂ ਆਰਾਮ ਨਾਲ ਕਿਵੇਂ ਜੀ ਸਕਦੇ ਹਾਂ।

43 ਫੀ ਸਦੀ ਮੱਧਵਰਗੀ ਲੋਕਾਂ ਨੇ ਆਖਿਆ ਕਿ ਉਨ੍ਹਾਂ ਦੀ ਤਾਂ ਬੱਸ ਆਈ ਚਲਾਈ ਚੱਲ ਰਹੀ ਹੈ, ਕਿਸੇ ਤਰ੍ਹਾਂ ਦੀ ਕੋਈ ਬਚਤ ਨਹੀਂ ਹੋ ਰਹੀ, 15 ਫੀ ਸਦੀ ਦਾ ਕਹਿਣਾ ਹੈ ਕਿ ਉਨ੍ਹਾਂ ਦਾ ਤਾਂ ਜੂਨ ਗੁਜ਼ਾਰਾ ਹੀ ਬੜੀ ਮੁਸ਼ਕਲ ਨਾਲ ਚੱਲ ਰਿਹਾ ਹੈ। ਸਰਵੇਖਣ ਵਿੱਚ ਇਹ ਵੀ ਸਾਹਮਣੇ ਆਇਆ ਕਿ ਮਾਪੇ ਵੀ ਆਪਣੇ ਬੱਚਿਆਂ ਦੇ ਭਵਿੱਖ ਨੂੰ ਲੈ ਕੇ ਕਾਫੀ ਚਿੰਤਤ ਹਨ। 2020 ਦੇ 79 ਫੀ ਸਦੀ ਦੇ ਮੁਕਾਬਲੇ 52 ਫੀ ਸਦੀ ਨੂੰ ਨਹੀਂ ਲੱਗਦਾ ਕਿ ਉਨ੍ਹਾਂ ਦੇ ਬੱਚੇ ਮੱਧ ਵਰਗ ਜਾਂ ਉੱਚ ਵਰਗ ਵਿੱਚ ਪੈਰ ਧਰ ਪਾਉਣਗੇ।

ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਮੱਧ ਵਰਗ ਦੀ ਪਰੀਭਾਸ਼ਾ ਨੂੰ ਲੈ ਕੇ ਵੀ ਭੰਬਲਭੂਸਾ ਹੈ। ਵੱਧ ਆਮਦਨ ਵਾਲਿਆਂ ਨੂੰ ਵੀ ਲੱਗਦਾ ਹੈ ਕਿ ਉਹ ਮੱਧ ਵਰਗ ਵਿੱਚ ਸ਼ਾਮਲ ਹਨ। ਜਿਨ੍ਹਾਂ ਦੀ ਸਾਲਾਨਾ ਆਮਦਨ 150,000 ਡਾਲਰ ਹੈ ਉਹ ਵੀ ਆਪਣੇ ਆਪ ਨੂੰ ਮੱਧ ਵਰਗੀ ਹੀ ਦੱਸਦੇ ਹਨ ਜਦਕਿ 50,000 ਡਾਲਰ ਕਮਾਉਣ ਵਾਲਿਆਂ ਨੂੰ ਵੀ ਉਹ, ਨਿਮਨਵਰਗੀ, ਗਰੀਬ, ਵਰਕਿੰਗ ਕਲਾਸ ਤੇ ਮੱਧਵਰਗੀ ਲੱਗਦੇ ਹਨ।ਜਦੋਂ ਚੋਣ ਕਰਨ ਨੂੰ ਆਖਿਆ ਗਿਆ ਤਾਂ ਬਹੁਤਿਆਂ ਨੇ ਖੁਦ ਨੂੰ ਮੱਧ ਵਰਗ ਹੀ ਦੱਸਿਆ।

# ਪੁਲਿਸ ਤੋਂ ਬਚਣ ਦੀ ਕੋਸ਼ਿਸ਼ ਕਰਦੇ ਸਮੇਂ ਗੱਡੀ ਪਲਟੀ, ਦੋ ਗ੍ਰਿਫਤਾਰ



ਇਟੋਬੀਕੋ, 18 ਦਸੰਬਰ (ਪੋਸਟ ਬਿਊਰੋ) : ਸੋਮਵਾਰ ਸਵੇਰੇ ਇਟੋਬੀਕੋ ਵਿੱਚ ਪੁਲਿਸ ਤੋਂ ਬਚਣ ਦੀ ਕੋਸ਼ਿਸ਼ ਕਰਦੇ ਸਮੇਂ ਕਾਰ ਹਾਦਸਾਗ੍ਰਸਤ ਹੋਣ ਮਗਰੋਂ ਪਲਟ ਗਈ। ਇਸ ਸਬੰਧ ਵਿੱਚ ਦੋ ਵਿਅਕਤੀਆਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ।

ਟੋਰਾਂਟੋ ਪੁਲਿਸ ਨੇ ਦੱਸਿਆ ਕਿ ਸਵੇਰੇ 5:30 ਵਜੇ ਦੇ ਨੇੜੇ ਤੇੜੇ ਈਵਾ ਰੋਡ ਤੇ ਹਾਈਵੇਅ 427 ਨੇੜੇ ਟੋਰਾਂਟੋ ਪੁਲਿਸ ਦੇ ਅਧਿਕਾਰੀਆਂ ਵੱਲੋਂ ਗੱਡੀ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਕਾਰ ਵਿੱਚ ਸਵਾਰ ਵਿਅਕਤੀਆਂ ਨੇ ਪੁਲਿਸ ਤੋਂ ਬਚਣ ਦੀ ਕੋਸ਼ਿਸ਼ ਕੀਤੀ ਤੇ ਕਾਰ ਈਵਾ ਰੋਡ ਉੱਤੇ ਇੱਕ ਰਿਹਾਇਸ਼ੀ ਬਿਲਡਿੰਗ ਕੋਲ ਪਲਟ ਗਈ। ਗੱਡੀ ਵਿੱਚ ਸਵਾਰ ਦੋ ਵਿਅਕਤੀਆਂ ਨੂੰ ਮੌਕੇ ਉੱਤੇ ਹੀ ਗ੍ਰਿਫਤਾਰ ਕਰ ਲਿਆ ਗਿਆ।

ਇਨ੍ਹਾਂ ਦੋਵਾਂ ਵਿਅਕਤੀਆਂ ਤੇ ਪੁਲਿਸ ਅਧਿਕਾਰੀ ਨੂੰ ਮਾਮੂਲੀ ਜ਼ਖ਼ਮੀ ਹੋਣ ਕਾਰਨ ਇਲਾਜ ਲਈ ਹਸਪਤਾਲ ਲਿਜਾਇਆ ਗਿਆ।ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਹਾਊਸਿੰਗ ਲਈ ਮਿਸੀਸਾਗਾ ਨੂੰ ਫੈਡਰਲ ਸਰਕਾਰ ਤੋਂ ਮਿਲਣਗੇ 113 ਮਿਲੀਅਨ ਡਾਲਰ ਦੇ ਫੰਡ

ਮਿਸੀਸਾਗਾ, 18 ਦਸੰਬਰ (ਪੋਸਟ ਬਿਊਰੋ) : ਚਾਰ ਘਰ ਵਾਲੀਆਂ ਯੂਨਿਟਸ ਦੇ ਕਾਊਂਸਲ ਦੇ ਫੈਸਲੇ ਨੂੰ ਬਦਲਣ ਲਈ ਸਟਰਾਂਗ ਮੇਅਰ ਪਾਵਰਜ਼ ਦੀ ਵਰਤੋਂ ਕਰਕੇ ਸਿਟੀ ਆਫ ਮਿਸੀਸਾਗਾ ਲਈ ਫੈਡਰਲ ਸਰਕਾਰ ਨੇ ਹਾਊਸਿੰਗ ਫੰਡਿੰਗ ਦੀ ਪੁਸ਼ਟੀ ਕੀਤੀ ਹੈ। ਕਾਊਂਸਲ ਦੇ ਪਹਿਲਾਂ ਵਾਲੇ ਫੈਸਲੇ ਨਾਲ ਮਿਊਂਸੀਪੈਲਿਟੀ ਉੱਤੇ ਕਈ ਮਿਲੀਅਨ ਡਾਲਰ ਦਾ ਬੋਝ ਪੈਣਾ ਸੀ।



ਸੋਮਵਾਰ ਨੂੰ ਅਧਿਕਾਰੀਆਂ ਨੇ ਦੱਸਿਆ ਕਿ ਮਿਸੀਸਾਗਾ ਨੂੰ ਤਿੰਨ ਸਾਲਾਂ ਦੇ ਅਰਸੇ ਵਿੱਚ 3,000 ਹਾਊਸਿੰਗ ਯੂਨਿਟਸ ਤਿਆਰ ਕਰਨ ਲਈ 113 ਮਿਲੀਅਨ ਡਾਲਰ ਮਿਲਣਗੇ।ਇਹ ਪੈਸਾ ਹਾਊਸਿੰਗ ਐਕਸਲਰੇਟਰ ਫੰਡ ਤੋਂ ਆਵੇਗਾ। ਜ਼ਿਕਰਯੋਗ ਹੈ ਕਿ ਜਸਟਿਨ ਟਰੂਡੋ ਦੀ ਸਰਕਾਰ ਨੇ ਮਿਊਂਸੀਪੈਲਿਟੀਜ਼ ਨੂੰ ਆਪਣੀ ਜ਼ੋਨਿੰਗ ਤੇ ਪਰਮਿਟ ਸਿਸਟਮ ਨੂੰ ਅਪਡੇਟ ਕਰਨ ਲਈ 4 ਬਿਲੀਅਨ ਡਾਲਰ ਦੇਣ ਦਾ ਵਾਅਦਾ ਕੀਤਾ ਸੀ।

ਮਿਸੀਸਾਗਾ ਨਾਲ ਹੋਏ ਸਮਝੌਤੇ ਤਹਿਤ ਸਿਟੀ ਵੱਲੋਂ ਇਨ੍ਹਾਂ ਫੰਡਾਂ ਦੀ ਵਰਤੋਂ ਅਫੋਰਡੇਬਲ ਹਾਊਸਿੰਗ, ਇਸ ਕੰਮ ਨੂੰ ਮੁਕੰਮਲ ਕਰਨ ਲਈ ਲੱਗਣ ਵਾਲੇ ਸਮੇਂ, ਜ਼ਮੀਨ ਦਾ ਮੁਲਾਂਕਣ ਕਰਨ ਆਦਿ ਉੱਤੇ ਕੀਤੀ ਜਾਵੇਗੀ। ਇੱਕ ਬਿਆਨ ਵਿੱਚ ਅਹੁਦਾ ਛੱਡ ਰਹੀ ਮੇਅਰ ਬੋਨੀ ਕ੍ਰੌਂਬੀ ਨੇ ਫੰਡਾਂ ਲਈ ਫੈਡਰਲ ਸਰਕਾਰ ਦਾ ਧੰਨਵਾਦ ਕੀਤਾ।

# ਗਾਲਟ ਸਿਟੀ ਦੇ ਪਰਗਟ ਸਿੰਘ ਸੰਧੂ ਦੂਜੀ ਵਾਰ ਮੇਅਰ ਬਣੇ

ਸੈਕਰਾਮੈਂਟੋ, ਕੈਲੀਫੋਰਨੀਆ, 18 ਦਸੰਬਰ (ਹੁਸਨ ਲੜੋਆ ਬੰਗਾ) ਸਥਾਨਕ ਸਿੱਖ ਆਗੂ ਪਰਗਟ ਸਿੰਘ ਸੰਧੂ ਨੂੰ ਸੈਕਰਾਮੈਂਟੋ ਦੇ ਲਾਗਲੇ ਸ਼ਹਿਰ ਗਾਲਟ ਸਿਟੀ ਦਾ ਮੇਅਰ ਚੁਣ ਲਿਆ ਗਿਆ ਹੈ, ਉਨ੍ਹਾਂ ਨੂੰ ਸਾਰੇ ਕੌਂਸਲ ਮੈਂਬਰਾਂ ਨੇ ਸਰਬਸੰਮਤੀ ਨਾਲ ਇਸ ਅਹੁਦੇ 'ਤੇ ਚੁਣਿਆ ਗਿਆ।ਪਰਗਟ ਸਿੰਘ ਸੰਧੂ ਪਿਛਲੇ ਲੰਮੇ ਸਮੇਂ ਤੋਂ ਅਮਰੀਕਨ ਸਿਆਸਤ ਵਿਚ ਸਰਗਰਮ ਹਨ। ਇਸ ਤੋਂ ਪਹਿਲਾਂ ਉਹ ਗਾਲਟ ਪਲੈਨਿੰਗ ਕਮਿਸ਼ਨ ਦੇ ਮੁਖੀ ਵੀ ਰਹਿ ਚੁੱਕੇ ਹਨ। ਇਸ ਤੋਂ ਬਾਅਦ ਉਹ ਅਮਰੀਕਾ ਦੇ ਪਹਿਲੇ ਸਿੱਖ ਕੌਂਸਲ ਮੈਂਬਰ ਚੁਣੇ ਗਏ। ਫਿਰ ਗਾਲਟ ਸਿਟੀ ਦੇ ਮੇਅਰ ਦੇ ਅਹੁਦੇ ਤੱਕ ਪਹੁੰਚੇ।ਪਰਗਟ ਸਿੰਘ ਸੰਧੂ ਸਥਾਨਕ ਭਾਇਚਾਰੇ ਵਿੱਚ ਕਾਫੀ ਸਤਿਕਾਰੇ ਜਾਂਦੇ ਹਨ। ਉਹ ਆਪਣੇ ਜਲੰਧਰ ਦੇ ਛੋਟੇ ਜਿਹੇ ਪਿੰਡ ਬਸ਼ੇਰਪੁਰ ਤੋਂ ਅਮਰੀਕਾ ਪਹੁੰਚੇ ਤੇ ਇਥੇ ਆ ਕੇ ਉਨ੍ਹਾਂ ਨੇ ਬਹੁਤ ਸਾਰੀਆਂ



ਚੁਣੌਤੀਆਂ ਦਾ ਸਾਹਮਣਾ ਕੀਤਾ। ਉਨ੍ਹਾਂ ਅਮਰੀਕਾ ਵਿਚ ਰਹਿੰਦਿਆਂ 25 ਸਾਲ ਦੇ ਕਰੀਬ ਅਮਰੀਕਨ ਪੋਸਟ ਆਫਿਸ ਵਿਚ ਨੌਕਰੀ ਕੀਤੀ। ਨੌਕਰੀ ਤੋਂ ਰਿਟਾਇਰਮੈਂਟ ਲੈਣ ਉਪਰੰਤ ਉਹ ਅਮਰੀਕਨ ਰਾਜਨੀਤੀ ਵਿਚ ਕੁੱਦ ਪਏ ਅਤੇ ਉਨ੍ਹਾਂ ਕਦੇ ਵੀ ਹਾਰ ਦਾ ਮੂੰਹ ਨਹੀਂ ਦੇਖਿਆ। ਪਹਿਲੀ ਵਾਰ ਉਹ ਦਸੰਬਰ 2019 ਵਿਚ ਗਾਲਟ ਸਿਟੀ ਦੇ ਮੇਅਰ ਨਿਯੁਕਤ ਕੀਤੇ ਗਏ ਸਨ। ਉਪਰੰਤ ਉਹ ਸਿਟੀ ਦੇ ਵਾਈਸ ਮੇਅਰ ਰਹੇ ਅਤੇ ਹੁਣ ਫਿਰ ਤੋਂ ਗਾਲਟ ਸਿਟੀ ਦੇ ਮੇਅਰ ਚੁਣੇ ਗਏ ਹਨ।ਪਰਗਟ ਸਿੰਘ ਸੰਧੂ ਗਾਲਟ ਸਿਟੀ ਤੋਂ ਇਲਾਵਾ ਸਿੱਖ ਭਾਈਚਾਰੇ ਦੀਆਂ ਗਤੀਵਿਧੀਆਂ 'ਚ ਵੀ ਵੱਧ-ਚੜ੍ਹ ਕੇ ਹਿੱਸਾ ਲੈਂਦੇ ਹਨ। ਉਹ ਗੁਰਦੁਆਰਾ ਸਾਹਿਬ ਬਰਾਡਸ਼ਾਅ ਰੋਡ, ਸੈਕਰਾਮੈਂਟੋ ਅਤੇ ਸ਼ਹੀਦ ਬਾਬਾ ਦੀਪ ਸਿੰਘ ਸਪੋਰਟਸ ਅਕੈਡਮੀ ਦੇ ਮੁੱਖ ਪ੍ਰਬੰਧਕ ਵੀ ਹਨ।

# ਇੱਕਲੀ ਗੱਡੀ ਨੂੰ ਪੇਸ਼ ਆਇਆ ਹਾਦਸਾ, ਇੱਕ ਗੰਭੀਰ ਜ਼ਖ਼ਮੀ

ਟੋਰਾਂਟੋ, 18 ਦਸੰਬਰ (ਪੋਸਟ ਬਿਊਰੋ) : ਐਤਵਾਰ ਰਾਤ ਨੂੰ ਵੁੱਡਬਾਈਨ ਕੈਸੀਨੋ ਦੇ ਨੇੜੇ ਇੱਕ ਗੱਡੀ ਨੂੰ ਪੇਸ਼ ਆਏ ਹਾਦਸੇ ਵਿੱਚ ਇੱਕ ਵਿਅਕਤੀ ਜ਼ਖ਼ਮੀ ਹੋ ਗਿਆ। ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

ਇਹ ਹਾਦਸਾ ਰੈਕਸਡੇਲ ਬੁਲੇਵਾਰਡ ਤੋਂ ਦੱਖਣ ਵੱਲ ਹਾਈਵੇਅ 27 ਤੇ ਨੀਆਰਕਟਿਕ ਡਰਾਈਵ ਨੇੜੇ ਵਾਪਰਿਆ। ਟੋਰਾਂਟੋ ਪੁਲਿਸ ਨੇ ਆਖਿਆ ਕਿ ਉਨ੍ਹਾਂ ਨੂੰ ਰਾਤੀਂ 9:15 ਵਜੇ ਇਸ ਇਲਾਕੇ ਵਿੱਚ ਸੱਦਿਆ ਗਿਆ। ਫਾਇਰਫਾਈਟਰਜ਼ ਤੇ ਪੈਰਾਮੈਡਿਕਸ ਵੀ ਮੌਕੇ ਉੱਤੇ ਪਹੁੰਚੇ।



ਐਮਰਜੰਸੀ ਰੰਨ ਰਾਹੀਂ ਜ਼ਖ਼ਮੀ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ।

ਟੋਰਾਂਟੋ ਪੈਰਾਮੈਡਿਕਸ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇੱਕ ਬਾਲਗ ਵਿਅਕਤੀ ਨੂੰ ਗੰਭੀਰ ਹਾਲਤ ਵਿੱਚ ਟਰੌਮਾ ਸੈਂਟਰ ਲਿਜਾਇਆ ਗਿਆ। ਉਸ ਦੀ ਹਾਲਤ ਕਾਫੀ ਨਾਜ਼ੁਕ ਸੀ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਲੇਡੀਜ਼ ਇੰਸਟ੍ਰਕਟਰ
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
647-998-7500 ਬਲਵਿੰਦਰ

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
(647) 954-9885
20 Maritime Ont Blvd Unit 15
Brampton, ON L6S 0C2

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

KELLEY LAW OFFICE
Immigration
Family Law
Corporate
Power of Attorney/Affidavit /Attestations
Real Estate
Business Closing
Wills & Estate
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps
Cockroaches • Carpenter Ants • Silver Fish • Racoons
Call : PARESH PATEL
416 938 4598

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Wills & Estates
Power of Attorney
Affidavits Notarization / Declaration
Business Law
Family Law
Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ >>

ਪਾਰਲੀਮੈਂਟ ਲਈ ਚੋਣ ਗਈ ਪੁੱਜ ਲਾਗੇ,
ਪੰਜਾਬ ਕਾਂਗਰਸ ਦੇ ਬੁਰੇ ਹਾਲਾਤ ਬੇਲੀ।
ਆਪਸ ਵਿੱਚ ਹੀ ਪਾਟਕ ਦਾ ਰੰਗ ਤਿੱਖਾ,
ਸੁਣੀ ਨਾ ਆਗੂਆਂ ਦੀ ਹੋਈ ਬਾਤ ਬੇਲੀ।
ਉੱਤੋਂ-ਹੇਠ ਤੱਕ ਲੀਡਰ ਸਭ ਪਏ ਪਾਟੇ,
ਚੱਲ ਰਹੀ ਆਪਸੀ ਸ਼ਹਿ ਤੇ ਮਾਤ ਬੇਲੀ।
ਭਾਜਪਾ ਵਿੱਚ ਜਾ ਕੇ ਜਿਹੜੇ ਮੁੜੇ ਪਿੱਛੇ,
ਉਨ੍ਹਾਂ ਦੀ ਵੱਖ ਕੁਝ ਨਵੀਂ ਜਮਾਤ ਬੇਲੀ।
ਹਰ ਇੱਕ ਪਾਸਿਉਂ ਪਈ ਆ ਮਾਰ ਪੈਂਦੀ,
ਕੋਈ ਨਾ ਸਿੱਝਣ ਦੀ ਸੋਚ ਵਿਚਾਰ ਬੇਲੀ।
ਆਪਸ ਵਿੱਚ ਜੇ ਰਾਤ-ਦਿਨ ਲੜੀ ਜਾਣਾ,
ਕਿਹੜਾ ਉਹ ਲੈਣਗੇ ਮੋਰਚਾ ਮਾਰ ਬੇਲੀ।

**ਤੀਸ ਮਾਰ ਖਾਂ**

# ਚੀਨ ਵਿਚ ਭੂਚਾਲ ਨਾਲ 111 ਲੋਕਾਂ ਦੀ ਮੌਤ

ਬੀਜਿੰਗ, 18 ਦਸੰਬਰ (ਪੋਸਟ ਬਿਊਰੋ): ਚੀਨ ਵਿਚ ਭੂਚਾਲ ਕਾਰਣ 100 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ ਅਤੇ 200 ਤੋਂ ਵੱਧ ਜ਼ਖਮੀ ਹੋ ਗਏ। ਜਾਣਕਾਰੀ ਮੁਤਾਬਕ ਉੱਤਰ-ਪੱਛਮੀ ਚੀਨ ਯਾਨੀ ਚੀਨ ਦੇ ਗਾਂਸੂ-ਕਿੰਘਾਈ ਸੂਬੇ 'ਚ ਆਏ 6.2 ਤੀਬਰਤਾ ਦੇ ਸ਼ਕਤੀਸ਼ਾਲੀ ਭੂਚਾਲ 'ਚ ਮਰਨ ਵਾਲਿਆਂ ਦੀ ਗਿਣਤੀ ਹੁਣ ਤੱਕ 110 ਨੂੰ ਪਾਰ ਕਰ ਗਈ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਭੂਚਾਲ ਇੰਨਾ ਜ਼ਬਰਦਸਤ ਸੀ ਕਿ ਕਈ ਇਮਾਰਤਾਂ ਢਹਿ ਗਈਆਂ ਅਤੇ ਚਾਰੇ ਪਾਸੇ ਚੀਕ-ਚਿਹਾੜਾ ਪੈ ਗਿਆ। ਸਿਰਫ ਚੀਨ ਹੀ ਨਹੀਂ ਬੀਤੀ ਰਾਤ ਤੋਂ ਅਫਗਾਨਿਸਤਾਨ, ਮਿਆਂਮਾਰ, ਲੱਦਾਖ ਦੇ ਕਾਰਗਿਲ ਅਤੇ ਅੰਡੇਮਾਨ ਸਾਗਰ 'ਚ ਵੀ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ ਹਨ। ਹਰ ਥਾਂ 'ਤੇ ਵੱਖ-ਵੱਖ ਤੀਬਰਤਾ ਦੇ ਭੂਚਾਲ ਆਏ ਹਨ।



ਰਿਪੋਰਟਾਂ ਸੋਮਵਾਰ ਦੇਰ ਰਾਤ ਆਏ ਭੂਚਾਲ ਵਿਚ ਗਾਂਸੂ ਸੂਬੇ ਵਿਚ 100 ਅਤੇ ਗੁਆਂਢੀ ਕਿੰਗਹਾਈ ਸੂਬੇ ਵਿਚ 11 ਲੋਕਾਂ ਦੀ ਮੌਤ ਹੋ ਗਈ। ਰਿਪੋਰਟ ਮੁਤਾਬਕ ਭੂਚਾਲ 'ਚ 200 ਤੋਂ ਵੱਧ ਲੋਕ ਜ਼ਖਮੀ ਹੋਏ ਹਨ, ਗਾਂਸੂ 'ਚ 96 ਅਤੇ ਕਿੰਗਹਾਈ 'ਚ 124 ਲੋਕ ਜ਼ਖਮੀ ਹੋਏ ਹਨ। ਭੂਚਾਲ ਗਾਂਸੂ ਦੀ ਜਿਸ਼ੀਸ਼ਾਨ ਕਾਉਂਟੀ ਵਿੱਚ, ਕਿੰਗਹਾਈ ਦੇ ਨਾਲ ਸੂਬਾਈ ਸਰਹੱਦ ਤੋਂ ਲਗਭਗ 5 ਕਿਲੋਮੀਟਰ (3 ਮੀਲ) ਵਿੱਚ ਆਇਆ।

ਹਾਲਾਂਕਿ ਅਮਰੀਕੀ ਭੂ-ਵਿਗਿਆਨ ਸਰਵੇਖਣ ਨੇ ਭੂਚਾਲ ਦੀ ਤੀਬਰਤਾ 5.9 ਦੱਸੀ ਹੈ। ਜਦੋਂ ਕਿ ਚੀਨੀ ਸੀਸੀਟੀਵੀ ਨੇ ਦੱਸਿਆ ਕਿ ਇਸ ਸ਼ਕਤੀਸ਼ਾਲੀ ਭੂਚਾਲ ਕਾਰਨ ਪਾਣੀ ਅਤੇ ਬਿਜਲੀ ਦੀਆਂ ਲਾਈਨਾਂ ਦੇ ਨਾਲ-ਨਾਲ ਆਵਾਜਾਈ ਅਤੇ ਸੰਚਾਰ ਬੁਨਿਆਦੀ ਢਾਂਚੇ ਨੂੰ ਵੀ ਨੁਕਸਾਨ ਪਹੁੰਚਿਆ ਹੈ। ਭੂਚਾਲ ਦੇ ਝਟਕੇ ਰਾਜਧਾਨੀ ਬੀਜਿੰਗ ਤੋਂ ਲਗਭਗ 1,450 ਕਿਲੋਮੀਟਰ (900 ਮੀਲ) ਦੱਖਣ-ਪੱਛਮ ਵਿਚ ਗਾਂਸੂ ਸੂਬਾਈ ਰਾਜਧਾਨੀ ਲਾਂਝੂ ਵਿਚ ਮਹਿਸੂਸ ਕੀਤੇ ਗਏ। ਭੂਚਾਲ ਕਾਰਨ ਲੋਕ ਡਰੇ ਹੋਏ ਦੇਖੇ ਗਏ।

ਇਸ ਤੋਂ ਇਲਾਵਾ ਅਫਗਾਨਿਸਤਾਨ ਦੇ ਹਿੰਦੂ ਕੁਸ਼ 'ਚ ਅੱਜ ਸਵੇਰੇ 6:44 ਵਜੇ 3.8 ਤੀਬਰਤਾ ਵਾਲਾ ਭੂਚਾਲ ਆਇਆ, ਜਿਸ ਦੀ ਡੂੰਘਾਈ 161 ਕਿਮੀ ਸੀ। ਮਿਆਂਮਾਰ 'ਚ 3.8 ਤੀਬਰਤਾ ਵਾਲੇ ਭੂਚਾਲ ਦੇ ਝਟਕੇ ਸਵੇਰੇ 5:13 ਵਜੇ ਮਹਿਸੂਸ ਕੀਤੇ ਗਏ। ਲੱਦਾਖ ਦੇ ਕਾਰਗਿਲ ਵਿੱਚ ਤੜਕੇ 3:57 ਵਜੇ 3 ਤੀਬਰਤਾ ਵਾਲਾ ਭੂਚਾਲ ਆਇਆ ਤੇ ਅੰਡਮਾਨ ਸਾਗਰ ਵਿੱਚ ਸਵੇਰੇ 3:51 ਮਿੰਟ 'ਤੇ ਭੂਚਾਲ ਆਇਆ, ਜਿਸ ਦੀ ਤੀਬਰਤਾ 4.2 ਸੀ।

# ਅਮਰੀਕ ਦੇ ਰਾਸ਼ਟਰਪਤੀ ਜੋਅ ਬਾਈਡੇਨ ਦੇ ਕਾਫ਼ਿਲੇ ਨਾਲ ਟਕਰਾਈ ਤੇਜ਼ ਰਫਤਾਰ ਕਾਰ

ਵਾਸ਼ਿੰਗਟਨ, 18 ਦਸੰਬਰ (ਪੋਸਟ ਬਿਊਰੋ): ਅਮਰੀਕੀ ਰਾਸ਼ਟਰਪਤੀ ਜੋਅ ਬਾਈਡੇਨ ਦੀ ਸੁਰੱਖਿਆ ਵਿੱਚ ਵੱਡੀ ਕੁਤਾਹੀ ਦਾ ਮਾਮਲਾ ਸਾਹਮਣੇ ਆਇਆ ਹੈ। ਦਰਅਸਲ, ਐਤਵਾਰ ਨੂੰ ਇੱਕ ਕਾਰ ਜੋਅ ਬਾਈਡੇਨ ਦੇ ਕਾਫ਼ਿਲੇ ਨਾਲ ਟਕਰਾ ਗਈ। ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਬਾਈਡੇਨ ਤੇ ਉਨ੍ਹਾਂ ਦੀ ਪਤਨੀ ਜਿਲ ਬਾਈਡੇਨ ਇੱਕ ਪ੍ਰੋਗਰਾਮ ਵਿੱਚ ਹਿੱਸਾ ਲੈਣ ਜਾ ਰਹੇ ਸਨ। ਜਾਣਕਾਰੀ ਅਨੁਸਾਰ ਦੋਵੇਂ ਪੂਰੀ ਤਰ੍ਹਾਂ ਸੁਰੱਖਿਅਤ ਹਨ।

ਦੱਸਿਆ ਜਾ ਰਿਹਾ ਹੈ ਕਿ ਇਸ ਘਟਨਾ ਦੇ ਬਾਅਦ ਅਫਰਾ-ਤਫੜੀ ਮਚ ਗਈ। ਬਾਈਡੇਨ ਨੇ ਲਗਭਗ 40



ਮੀਟਰ ਦੂਰ ਚੌਕ ਨੇੜੇ ਖੜ੍ਹੀ ਇੱਕ ਨਾਲ ਇੱਕ ਸੇਡਾਨ ਦੇ ਟਕਰਾਉਣ ਦੇ ਬਾਅਦ ਸੁਰੱਖਿਆ ਕਰਮੀਆਂ ਨੇ ਰਾਸ਼ਟਰਪਤੀ ਨੂੰ ਇੱਕ ਅਲੱਗ ਕਾਰ ਵਿੱਚ ਬਿਠਾਇਆ ਤੇ ਉਨ੍ਹਾਂ ਨੂੰ ਵਿਲਮਿੰਗਟਨ ਸ਼ਹਿਰ ਦੀ ਇਮਾਰਤ ਤੋਂ ਦੂਰ ਲਿਜਾਇਆ ਗਿਆ ਇੱਕ ਬੈਜ਼ ਰੰਗ ਦੀ ਫੋਰਡ ਕਾਰ ਨੇ ਇੱਕ ਚੌਂਕ 'ਤੇ ਅੱਗੇ ਵਧਣ ਦੀ ਕੋਸ਼ਿਸ਼ ਵਿੱਚ ਬਾਈਡੇਨ ਦੇ ਕਾਫ਼ਿਲੇ ਨੂੰ ਟੱਕਰ ਮਾਰੀ ਹੈ। ਰਿਪੋਰਟਾਂ ਅਨੁਸਾਰ ਟੱਕਰ ਦੇ ਬਾਅਦ ਬਾਈਡੇਨ ਦੇ ਸੁਰੱਖਿਆ ਕਰਮੀਆਂ ਨੇ ਗੱਡੀ ਨੂੰ ਘੇਰ ਲਿਆ ਤੇ ਚਾਲਕ ਨੂੰ ਆਪਣੇ ਹੱਥ ਉੱਪਰ ਕਰਨ ਦਾ ਨਿਰਦੇਸ਼ ਦਿੱਤਾ। ਇਸ ਦੌਰਾਨ ਬਾਈਡੇਨ ਭੱਜ ਕੇ ਆਪਣੀ ਗੱਡੀ ਦੇ ਅੰਦਰ ਚਲੇ ਗਏ, ਜਿੱਥੇ ਉਨ੍ਹਾਂ ਦੀ ਪਤਨੀ ਜਿਲ ਬਾਈਡੇਨ ਪਹਿਲਾਂ ਤੋਂ ਹੀ ਮੌਜੂਦ ਸੀ।

# ਪੰਜਾਬ ਦੇ ਸਿਹਤ ਮੰਤਰੀ ਨੇ ਆਯੂਸ਼ ਸਿਹਤ ਅਤੇ ਤੰਦਰੁਸਤੀ ਕੇਂਦਰਾਂ ਬਾਰੇ ਸਿਖਲਾਈ ਪ੍ਰੋਗਰਾਮ ਦਾ ਕੀਤਾ ਉਦਘਾਟਨ

ਚੰਡੀਗੜ੍ਹ, 18 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਲੋਕਾਂ ਨੂੰ ਸਿਹਤਮੰਦ ਅਤੇ ਖੁਸ਼ਹਾਲ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਟੀਚੇ ਨੂੰ ਅੱਗੇ ਵਧਾਉਂਦੇ ਹੋਏ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਸੋਮਵਾਰ ਨੂੰ ਕਿਹਾ ਕਿ ਪੰਜਾਬ ਸਰਕਾਰ ਭਾਰਤ ਦੀ ਰਵਾਇਤੀ ਸਿਹਤ ਸੰਭਾਲ ਪ੍ਰਣਾਲੀ 'ਆਯੁਰਵੇਦ' ਨੂੰ ਮੁੜ ਸੁਰਜੀਤ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ।

ਜ਼ਿਕਰਯੋਗ ਹੈ ਕਿ ਆਯੁਰਵੇਦ ਦਾ ਮੁੱਖ ਮੰਤਵ ਬਿਮਾਰੀ ਦੀ ਰੋਕਥਾਮ ਅਤੇ ਸਿਹਤ ਦੀ ਸਾਂਭ-ਸੰਭਾਲ 'ਤੇ ਹੁੰਦਾ ਹੈ, ਜਦਕਿ, ਇਸ ਪ੍ਰਣਾਲੀ ਵਿੱਚ ਕੁਦਰਤੀ ਤੱਤਾਂ ਦੀ ਵਰਤੋਂ ਕਰ ਕੇ ਬੀਮਾਰੀ ਦਾ ਇਲਾਜ ਵੀ ਕੀਤਾ ਜਾਂਦਾ ਹੈ।



ਡਾ. ਬਲਬੀਰ ਸਿੰਘ, ਜੋਕਿ ਆਯੁਰਵੇਦ ਵਿਭਾਗ ਪੰਜਾਬ ਦੇ ਡਾਇਰੈਕਟਰ ਡਾ. ਰਵੀ ਡੂਮਰਾ ਨਾਲ ਇੱਥੇ ਪਹੁੰਚੇ ਸਨ, ਨੇ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ੍ਰੇਸ਼ਨ (ਮਗਸੀਪਾ) ਵਿਖੇ ਆਯੋਜਿਤ ਆਯੂਸ਼ ਸਿਹਤ ਅਤੇ ਤੰਦਰੁਸਤੀ ਕੇਂਦਰ, ਪੰਜਾਬ 'ਤੇ 5 ਰੋਜ਼ਾ ਸਿਖਲਾਈ ਪ੍ਰੋਗਰਾਮ ਦਾ ਉਦਘਾਟਨ ਕੀਤਾ।

ਸਿਹਤ ਮੰਤਰੀ ਨੇ ਸਾਰੇ ਪ੍ਰਤੀਭਾਗੀਆਂ ਨੂੰ ਰੋਲ ਮਾਡਲ ਬਣਨ ਅਤੇ ਇਸ ਚੰਗੀ ਪੁਰਾਤਨ ਭਾਰਤੀ ਇਲਾਜ ਪ੍ਰਣਾਲੀ ਨੂੰ ਮੁੜ ਸੁਰਜੀਤ ਕਰਨ ਵਿਚ ਰਾਜ ਦੀ ਮਦਦ ਕਰਨ ਦਾ ਸੱਦਾ ਦਿੱਤਾ, ਜੋ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪੰਜਾਬ ਦੇ ਲੋਕਾਂ ਨੂੰ ਸਿਹਤਮੰਦ ਬਣਾਉਣ ਦੇ ਸੁਪਨੇ ਨੂੰ ਸਾਕਾਰ ਕਰਨ ਵਿਚ ਮੱਦਦ ਕਰ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਸਵੈ-ਇੱਛਾ ਨਾਲ ਆਪਣੇ ਘਰਾਂ ਦੇ ਨੇੜੇ ਯੋਗਾ ਸੈਸ਼ਨ ਕਰਵਾਉਣ ਅਤੇ ਲੋਕਾਂ ਨੂੰ ਆਯੁਰਵੇਦ ਪ੍ਰਤੀ ਜਾਗਰੂਕ ਕਰਨ ਲਈ ਵੀ ਕਿਹਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ 158 ਆਯੂਸ਼ ਸਿਹਤ ਅਤੇ ਤੰਦਰੁਸਤੀ ਕੇਂਦਰਾਂ ਨੂੰ ਅਪਗ੍ਰੇਡ ਕੀਤਾ ਹੈ ਅਤੇ ਇਨ੍ਹਾਂ ਸਾਰੇ ਕੇਂਦਰਾਂ ਵਿਚ ਹਰਬਲ ਗਾਰਡਨ ਸਥਾਪਿਤ ਕੀਤੇ ਜਾ ਰਹੇ ਹਨ ਤਾਂ ਜੋ ਲੋਕ ਹਲਕੀਆਂ-ਫੁਲਕੀਆਂ ਬੀਮਾਰੀਆਂ ਤੋਂ ਨਿਜਾਤ ਪਾਉਣ ਐਲੋਪੈਥੀ ਦਵਾਈਆਂ 'ਤੇ ਨਿਰਭਰ ਹੋਣ ਦੀ ਥਾਂ ਜੜੀ-ਬੂਟੀਆਂ ਵਾਲੀਆਂ ਕੁਦਰਤੀ ਦਵਾਈਆਂ ਇਸਤੇਮਾਲ ਕਰ ਠੀਕ ਹੋ ਸਕਣ।

ਇਸ ਵਰਕਸ਼ਾਪ ਵਿਚ ਸੂਬੇ ਭਰ ਦੇ ਸਾਰੇ ਜ਼ਿਲਾ ਆਯੁਰਵੈਦਿਕ ਅਤੇ ਯੂਨਾਨੀ ਅਫ਼ਸਰ, ਆਯੁਰਵੈਦਿਕ ਮੈਡੀਕਲ ਅਫ਼ਸਰ, ਉਪਵੇਦ ਅਤੇ ਯੋਗਾ ਇੰਸਟਰਕਟਰਾਂ ਨੇ ਭਾਗ ਲਿਆ।


REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047



TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9



ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com



ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਨੂੰ ਨਵੇਂ ਸਾਲ ਦਾ ਤੋਹਫ਼ਾ, ਮੁੱਖ ਮੰਤਰੀ ਵਲੋਂ ਮਹਿੰਗਾਈ ਭੱਤੇ ਵਿਚ 4 ਫੀਸਦੀ ਵਾਧੇ ਦਾ ਐਲਾਨ

***ਕਰਮਚਾਰੀਆਂ ਦੀ ਭਲਾਈ ਦੀ ਵਚਨਬੱਧਤਾ ਦੁਹਰਾਈ**
***ਮੁਲਾਜ਼ਮਾਂ ਸਮੇਤ ਹਰ ਪੰਜਾਬੀ ਦੇ ਸਹਿਯੋਗ ਨਾਲ 'ਰੰਗਲਾ ਪੰਜਾਬ' ਬਣਾਉਣ ਦਾ ਸੁਪਨਾ ਸਾਕਾਰ ਕਰੇਗੀ ਪੰਜਾਬ ਸਰਕਾਰ**



ਚੰਡੀਗੜ੍ਹ, 18 ਦਸੰਬਰ (ਪੋਸਟ ਬਿਊਰੋ): ਪੰਜਾਬ ਸਰਕਾਰ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਨਵੇਂ ਸਾਲ ਦੇ ਤੋਹਫ਼ੇ ਵਜੋਂ ਮੁੱਖ ਮੰਤਰੀ ਨੇ 1 ਦਸੰਬਰ, 2023 ਤੋਂ 4 ਫੀਸਦੀ ਮਹਿੰਗਾਈ ਭੱਤਾ (ਡੀ.ਏ.) ਦੇਣ ਦੀ ਪ੍ਰਵਾਨਗੀ ਦੇ ਦਿੱਤੀ ਹੈ, ਜਿਸ ਨਾਲ ਮਹਿੰਗਾਈ ਭੱਤਾ 34 ਤੋਂ ਵਧ ਕੇ 38 ਫੀਸਦੀ ਹੋ ਗਿਆ।

ਇਸ ਸਬੰਧੀ ਫੈਸਲਾ ਅੱਜ ਇੱਥੇ ਪੰਜਾਬ ਭਵਨ ਵਿਖੇ ਮੁੱਖ ਮੰਤਰੀ ਵਲੋਂ ਮੁਲਾਜ਼ਮਾਂ ਨਾਲ ਹੋਈ ਮੀਟਿੰਗ ਦੌਰਾਨ ਲਿਆ ਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਫੈਸਲੇ ਨਾਲ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਫਾਇਦਾ ਹੋਵੇਗਾ। ਉਨ੍ਹਾਂ ਕਿਹਾ ਕਿ ਮੁਲਾਜ਼ਮ ਸੂਬਾਈ ਪ੍ਰਸ਼ਾਸਨ ਦਾ ਅਹਿਮ ਹਿੱਸਾ ਹਨ ਅਤੇ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਕਰਨਾ ਸਰਕਾਰ ਦੀ ਮੁੱਖ ਤਰਜੀਹ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਮੁਲਾਜ਼ਮਾਂ ਦੀ ਭਲਾਈ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

ਇਕ ਹੋਰ ਮੁੱਦੇ 'ਤੇ ਚਰਚਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦਾ ਮੁੱਦਾ ਕੇਂਦਰ ਸਰਕਾਰ ਕੋਲ ਉਠਾਏਗੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਅੱਗੇ ਵਧਾਉਣ ਲਈ ਭਾਰਤ ਸਰਕਾਰ ਦੇ ਵਿੱਤ ਸਕੱਤਰ ਨਾਲ ਮੀਟਿੰਗ ਕੀਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਸਟੈਨੋ ਟਾਈਪਿਸਟਾਂ ਲਈ ਸੀਨੀਆਰਤਾ ਦੇ ਆਧਾਰ 'ਤੇ ਵੱਖ-ਵੱਖ ਵਿਭਾਗਾਂ ਵਿੱਚ ਤਰੱਕੀਆਂ ਨੂੰ ਯਕੀਨੀ ਬਣਾਉਣ ਲਈ ਸਮਾਂਬੱਧ (ਟਾਈਮ ਸਕੇਲ) ਤਿਆਰ ਕਰਨ ਦੇ ਵੀ ਨਿਰਦੇਸ਼ ਦਿੱਤੇ।

ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਸਾਰੇ ਵਿਭਾਗਾਂ ਦੀਆਂ ਮਨਿਸਟਰੀਅਲ ਸੇਵਾਵਾਂ ਵਿਚ ਖਾਲੀ ਪਈਆਂ ਅਸਾਮੀਆਂ ਨੂੰ ਤਰੱਕੀ ਰਾਹੀਂ ਭਰਨ ਦੀ ਪ੍ਰਕਿਰਿਆ ਦੋ ਮਹੀਨਿਆਂ ਦੇ ਅੰਦਰ-ਅੰਦਰ ਯਕੀਨੀ ਬਣਾਈ ਜਾਵੇ। ਉਨ੍ਹਾਂ ਏ.ਸੀ.ਪੀ ਸਕੀਮ ਬਹਾਲ ਕਰਨ ਸਮੇਤ ਮੁਲਾਜ਼ਮਾਂ ਦੀਆਂ ਕਈ ਲਟਕਦੀਆਂ ਮੰਗਾਂ ਦੇ ਹੱਲ ਲਈ ਕਮੇਟੀ ਬਣਾਉਣ ਦਾ ਐਲਾਨ ਵੀ ਕੀਤਾ। ਭਗਵੰਤ ਸਿੰਘ ਮਾਨ ਨੇ ਮੁਲਾਜ਼ਮਾਂ ਨੂੰ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਉਨ੍ਹਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਸਬੰਧੀ ਠੋਸ ਉਪਰਾਲੇ ਕੀਤੇ ਜਾਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ 'ਰੰਗਲਾ ਪੰਜਾਬ' ਸਿਰਜਣ ਲਈ ਵਚਨਬੱਧ ਹੈ, ਜਿਸ ਲਈ ਸਮਾਜ ਦੇ ਹਰ ਵਰਗ ਦਾ ਸਹਿਯੋਗ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਹਰ ਖੇਤਰ ਵਿਚ ਮੋਹਰੀ ਬਣਾਉਣ ਲਈ ਸੂਬਾ ਸਰਕਾਰ ਦੇ ਮੁਲਾਜ਼ਮ ਵੀ ਪ੍ਰੇਰਕ ਵਜੋਂ ਕੰਮ ਕਰਨਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਸਮਰਪਿਤ ਹੈ।

# ਪੰਜਾਬ ਸਰਕਾਰ ਬੱਚਿਆਂ ਦੀ ਸਿਹਤ ਅਤੇ ਤੰਦਰੁਸਤੀ ਲਈ ਲਗਾਤਾਰ ਕਾਰਜ਼ਸੀਲ : ਡਾ. ਬਲਜੀਤ ਕੌਰ



ਚੰਡੀਗੜ੍ਹ, 18 ਦਸੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਬੱਚਿਆਂ ਦੀ ਸਿਹਤ ਅਤੇ ਤੰਦਰੁਸਤੀ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਇਸੇ ਤਹਿਤ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵਲੋਂ ਕੁਪੋਸ਼ਣ ਅਤੇ ਅਨੀਮੀਆ ਦੇ ਖਾਤਮੇ ਸਬੰਧੀ ਕਿਸਾਨ ਭਵਨ, ਚੰਡੀਗੜ੍ਹ ਵਿਖੇ ਵਰਕਸ਼ਾਪ ਦਾ ਆਯੋਜਨ ਕੀਤਾ।

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਇਹ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਸੂਬੇ ਵਿਚ ਕੁਪੋਸ਼ਣ ਅਤੇ ਅਨੀਮੀਆ ਦੇ ਖਾਤਮੇ ਲਈ ਪੂਰੀ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ।

ਉਨ੍ਹਾਂ ਦੱਸਿਆ ਕਿ ਕੁਪੋਸ਼ਣ ਹਰ ਉਮਰ ਦੇ ਲੋਕਾਂ ਨੂੰ ਪ੍ਰਭਾਵਿਤ ਕਰਦਾ ਹੈ। ਸਰਕਾਰ ਵਲੋਂ ਕੁਪੋਸ਼ਣ ਦੇ ਖਾਤਮੇ ਲਈ ਉਪਰਾਲੇ ਕੀਤੇ ਜਾ ਰਹੇ ਹਨ। ਵਿਭਾਗ ਵਲੋਂ ਪੋਸ਼ਣ ਦੀ ਮਹੱਤਤਾ ਬਾਰੇ ਸੂਬੇ ਦੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਸੂਬੇ 'ਚੋ ਕੁਪੋਸ਼ਣ ਦਾ ਖਾਤਮਾ ਕੀਤਾ ਜਾ ਸਕੇ। ਲੋਕਾਂ ਨੂੰ ਪੌਸ਼ਟਿਕ ਭੋਜਨ ਦੀ ਖਪਤ ਨੂੰ ਉਤਸ਼ਾਹਿਤ ਕਰਨਾ, ਔਰਤਾਂ ਅਤੇ ਬੱਚਿਆਂ ਵਿਚ ਕੁਪੋਸ਼ਣ ਨੂੰ ਘਟਾਉਣਾ, ਛਾਤੀ ਦਾ ਦੁੱਧ ਚੁੰਘਾਉਣ ਅਤੇ ਪੋਸ਼ਣ ਸੰਬੰਧੀ ਸੇਵਾਵਾਂ ਅਤੇ ਸਪਲੀਮੈਂਟਸ ਪ੍ਰਦਾਨ ਕਰਨਾ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ।

ਉਨ੍ਹਾਂ ਗੈਰ-ਸਰਕਾਰੀ ਸੰਸਥਾਵਾਂ, ਸਿਹਤ ਵਿਭਾਗ ਅਤੇ ਲੋਕਾਂ ਨੂੰ ਕੁਪੋਸ਼ਣ ਦੇ ਖਾਤਮੇ ਲਈ ਮਿਲ ਕੇ ਕੰਮ ਕਰਨ ਲਈ ਕਿਹਾ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਸਿਹਤਮੰਦ ਭਵਿੱਖ ਬਣਾਇਆ ਜਾ ਸਕੇ।

ਮੰਤਰੀ ਵਲੋਂ ਵਿਭਾਗ ਨੂੰ ਹੋਰ ਮਿਹਨਤ ਨਾਲ ਕੰਮ ਕਰਨ ਲਈ ਕਿਹਾ ਤਾਂ ਜੋ ਪੰਜਾਬ ਵਿਚ ਕੁਪੋਸ਼ਣ ਅਤੇ ਅਨੀਮੀਆ ਨੂੰ ਠੱਲ ਪਾਈ ਜਾ ਸਕੇ। ਇਸ ਮੌਕੇ ਸਿਹਤ ਵਿਭਾਗ, ਸਿੱਖਿਆ ਵਿਭਾਗ, ਪੀ.ਜੀ.ਆਈ. ਚੰਡੀਗੜ੍ਹ ਅਤੇ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ, ਪਟਿਆਲਾ ਦੇ ਡਾਕਟਰਾਂ ਵਲੋਂ ਵਿਚਾਰ ਵਟਾਂਦਰਾ ਕੀਤਾ ਗਿਆ।

ਇਸ ਮੌਕੇ ਵਿਸ਼ੇਸ਼ ਮੁੱਖ ਸਕੱਤਰ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਰਾਜੀ ਪੀ. ਸ੍ਰੀਵਾਸਤਵਾ, ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਡਾਇਰੈਕਟਰ ਸ਼ੇਨਾ ਅਗਰਵਾਲ, ਡਿਪਟੀ ਡਾਇਰੈਕਟਰ ਸੁਖਦੀਪ ਸਿੰਘ ਝੱਜ ਅਤੇ ਪੋਸ਼ਣ ਅਭਿਆਨ ਦੇ ਸਟੇਟ ਕੰਸਲਟੈਂਟ ਪ੍ਰਿਅੰਕਾ ਵਿਸ਼ੇਸ਼ ਤੌਰ 'ਤੇ ਹਾਜ਼ਿਰ ਸਨ।






ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।
ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੌਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ।
ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4'' tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300


ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡਿਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡਿਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com











## ਸਪੌਟਲਾਈਟ ਆਨ ਵਿਜ਼ਨਰੀਜ਼ ਪਾਥ: ਗੁਰਨੂਰ ਸੰਧੂ ਨਾਲ ਪਰਿਵਰਤਨ ਪੈਦਾ ਕਰਨਾ






ਪਿਆਰੇ ਸਤਿਕਾਰਯੋਗ ਪਾਠਕੋ,

ਇਸ ਐਡੀਸ਼ਨ ਵਿੱਚ, ਅਸੀਂ ਪਰਿਵਰਤਨ ਲਈ ਇੱਕ ਗਤੀਸ਼ੀਲ ਸ਼ਕਤੀ - ਗੁਰਨੂਰ ਕੌਰ ਸੰਧੂ, ਵਿਜ਼ਨਰੀਜ਼ ਪਾਥ ਦੀ ਸੰਸਥਾਪਕ ਅਤੇ ਪ੍ਰਧਾਨ 'ਤੇ ਰੋਸ਼ਨੀ ਚਮਕਾਉਣ ਲਈ ਬਹੁਤ ਖੁਸ਼ ਹਾਂ। ਗੁਰਨੂਰ, ਇੱਕ ਸਮਰਪਿਤ ਗ੍ਰੇਡ 11 ਦੀ ਵਿਦਿਆਰਥੀ, ਆਪਣੀ ਸੰਸਥਾ ਦੀਆਂ ਪ੍ਰਭਾਵਸ਼ਾਲੀ ਪਹਿਲਕਦਮੀਆਂ ਦੁਆਰਾ ਸਾਡੀ ਦੁਨੀਆ ਵਿੱਚ ਜੀਵੰਤਤਾ ਨੂੰ ਜੋੜਨ ਲਈ ਚਾਰਜ ਦੀ ਅਗਵਾਈ ਕਰ ਰਹੀ ਹੈ।

ਗੁਰਨੂਰ ਦੀ ਅਗਵਾਈ ਵਿਜ਼ਨਰੀਜ਼ ਪਾਥ ਦੀ ਸਭ ਤੋਂ ਅੱਗੇ ਹੈ, ਇੱਕ ਸੰਸਥਾ ਜੋ ਵੱਖ-ਵੱਖ ਖੇਤਰਾਂ ਵਿੱਚ ਸਕਾਰਾਤਮਕ ਤਬਦੀਲੀ ਨੂੰ ਉਤਸ਼ਾਹਿਤ ਕਰਨ ਲਈ ਸਮਰਪਿਤ ਹੈ। ਉਸ ਦਾ ਦ੍ਰਿਸ਼ਟੀਕੋਣ ਸਾਰਿਆਂ ਲਈ ਬੁਨਿਆਦੀ ਅਧਿਕਾਰਾਂ ਨੂੰ ਸ਼ਾਮਲ ਕਰਦਾ ਹੈ-ਸਾਫ਼ ਅਤੇ ਹਰਾ ਵਾਤਾਵਰਣ, ਸਿੱਖਿਆ ਅਤੇ ਸਿਹਤ ਸੰਭਾਲ ਦੁਆਰਾ ਸਸ਼ਕਤੀਕਰਨ, ਔਰਤਾਂ ਦਾ ਸਸ਼ਕਤੀਕਰਨ, ਮਨੁੱਖੀ ਅਧਿਕਾਰਾਂ ਦੀ ਵਕਾਲਤ, ਅਤੇ ਭੁੱਖ ਤੋਂ ਰਾਹਤ ਨੂੰ ਸੰਬੋਧਨ ਕਰਨਾ।

ਆਪਣੇ ਸ਼ੁਰੂਆਤੀ ਸਾਲਾਂ ਤੋਂ ਆਪਣੇ ਸਕੂਲੀ ਜੀਵਨ ਦੌਰਾਨ, ਗੁਰਨੂਰ ਨੇ ਦੂਜਿਆਂ ਦੀ ਸੇਵਾ ਕਰਨ ਲਈ ਡੂੰਘੀ ਵਚਨਬੱਧਤਾ ਨੂੰ ਦਰਸਾਉਂਦੇ ਹੋਏ ਬਹੁਤ ਸਾਰੇ ਭਾਈਚਾਰਕ ਸਮਾਗਮਾਂ ਦਾ ਆਯੋਜਨ ਕੀਤਾ ਹੈ। ਵਿਜ਼ਨਰੀਜ਼ ਪਾਥ ਉਸ ਦੇ ਸਮਰਪਣ ਦੇ ਪ੍ਰਮਾਣ ਵਜੋਂ ਖੜ੍ਹਾ ਹੈ, ਜੋ ਕਿ ਦੂਰਦਰਸ਼ੀਆਂ ਅਤੇ ਤਬਦੀਲੀ ਕਰਨ ਵਾਲਿਆਂ ਲਈ ਇੱਕ ਭਾਈਚਾਰਾ ਬਣਾਉਂਦਾ ਹੈ ਜੋ ਸੰਸਾਰ ਉੱਤੇ ਸਥਾਈ ਪ੍ਰਭਾਵ ਬਣਾਉਣ ਲਈ ਉਸਦੇ ਜਨੂੰਨ ਨੂੰ ਸਾਂਝਾ ਕਰਦੇ ਹਨ।

ਹਾਲ ਹੀ ਵਿੱਚ ਵਿਜ਼ਨਰੀਜ਼ ਪਾਥ ਨੇ ਆਪਣੇ ਪਲਾਂਟ ਡਰਾਈਵ 1 ਅਤੇ 2 ਸਮਾਗਮਾਂ ਵਿੱਚ ਅੰਮ੍ਰਿਤਸਰ ਵਿੱਚ 100 ਰੁੱਖ ਲਗਾ ਕੇ ਇੱਕ ਮਹੱਤਵਪੂਰਨ ਮੀਲ ਪੱਥਰ ਪ੍ਰਾਪਤ ਕੀਤਾ ਹੈ। ਗੁਰਨੂਰ, ਸਮਰਪਿਤ ਵਲੰਟੀਅਰਾਂ ਦੀ ਇੱਕ ਟੀਮ ਦੇ ਨਾਲ, ਜੀਵੰਤ ਹਿਬਿਸਕਸ ਤੋਂ ਲੈ ਕੇ ਸ਼ਾਨਦਾਰ ਅੰਬ ਦੇ ਦਰੱਖਤਾਂ ਤੱਕ ਵੱਖ-ਵੱਖ ਪੌਦਿਆਂ ਦੀਆਂ ਨਸਲਾਂ ਦੇ ਪੌਦੇ ਲਗਾਉਣ ਦੀ ਨਿਗਰਾਨੀ ਕਰਦਾ ਹੈ। ਇਹ ਅੰਬ ਦੇ ਦਰੱਖਤ ਲੋਕਾਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਆਦੀ ਫਲ ਖੁਆਉਣ ਦੇ ਵਾਅਦੇ ਦਾ ਪ੍ਰਤੀਕ ਹਨ, ਜਿਸ ਨਾਲ ਸਮਾਜ ਲਈ ਭੋਜਨ ਅਤੇ ਅਨੰਦ ਦੋਵੇਂ ਸ਼ਾਮਲ ਹਨ।

ਗੁਰਨੂਰ ਨੇ ਸਫ਼ਰ ਬਾਰੇ ਸੋਚਦਿਆਂ ਕਿਹਾ, "ਜੇਕਰ ਤੁਸੀਂ ਆਪਣੀ ਜ਼ਿੰਦਗੀ ਵਿਚ ਕਿਸੇ ਨੂੰ ਗੁਆ ਦਿੱਤਾ ਹੈ ਜਾਂ ਕਿਸੇ ਹੋਰ ਦੁਖਾਂਤ ਦਾ ਸਾਹਮਣਾ ਕੀਤਾ ਹੈ, ਤਾਂ ਕਦੇ ਵੀ ਇਕੱਲਾ ਮਹਿਸੂਸ ਨਾ ਕਰੋ। ਗੁਰਨੂਰ ਸੰਧੂ, ਮੇਰੇ ਨਾਲ ਹੱਥ ਮਿਲਾਓ, ਅਤੇ ਆਓ ਆਪਣੀਆਂ ਸ਼ਕਤੀਆਂ ਨੂੰ ਜੋੜੀਏ। ਅਸੀਂ ਇੱਕ ਸ਼ਕਤੀ ਵਾਂਗ, ਇਕੱਠੇ ਹੋਵਾਂਗੇ। ਨਾ ਸਿਰਫ਼ ਇੱਕ ਭਾਈਚਾਰੇ ਦੇ ਤੌਰ 'ਤੇ ਵਧੋ ਸਗੋਂ ਦੁਨੀਆ ਨੂੰ ਉਨ੍ਹਾਂ ਲੋਕਾਂ ਲਈ ਇੱਕ ਬਿਹਤਰ ਥਾਂ ਵੀ ਬਣਾਓ ਜਿਨ੍ਹਾਂ ਕੋਲ ਉਹ ਵਿਸ਼ੇਸ਼ ਅਧਿਕਾਰ ਨਹੀਂ ਹਨ ਜਿਨ੍ਹਾਂ ਦਾ ਹਰ ਇਨਸਾਨ ਹੱਕਦਾਰ ਹੈ। ਮੇਰੇ ਇੰਸਟਾਗ੍ਰਾਮ ਖਾਤੇ @visionariespath 'ਤੇ ਮੇਰੇ ਨਾਲ ਸੰਪਰਕ ਕਰੋ; ਮੈਂ ਤੁਹਾਡੇ ਲਈ ਉੱਥੇ ਹਾਂ।"

ਉਸਦਾ ਅਣਥੱਕ ਸਮਰਪਣ ਨਾ ਸਿਰਫ਼ ਸਮਾਜ ਨੂੰ ਬਦਲ ਰਿਹਾ ਹੈ, ਸਗੋਂ ਇੱਕ ਉਜਵਲ, ਵਧੇਰੇ ਟਿਕਾਊ ਭਵਿੱਖ ਲਈ ਪੜਾਅ ਵੀ ਤੈਅ ਕਰ ਰਿਹਾ ਹੈ।

ਇੱਕ ਮੁੱਲਵਾਨ ਪਾਠਕ ਹੋਣ ਦੇ ਨਾਤੇ, ਅਸੀਂ ਤੁਹਾਨੂੰ ਸਕਾਰਾਤਮਕ ਤਬਦੀਲੀ ਲਿਆਉਣ ਲਈ ਗੁਰਨੂਰ ਅਤੇ ਵਿਜ਼ਨਰੀਜ਼ ਪਾਥ ਦੀ ਯਾਤਰਾ 'ਤੇ ਸਮਰਥਨ ਕਰਨ ਲਈ ਸੱਦਾ ਦਿੰਦੇ ਹਾਂ। 'ਤੇ ਉਹਨਾਂ ਨਾਲ ਜੁੜੋ: @visionariespath ਇਕੱਠੇ, ਅਸੀਂ ਪਰਿਵਰਤਨ ਦੇ ਬੀਜ ਬੀਜ ਸਕਦੇ ਹਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਸਕਾਰਾਤਮਕ ਪ੍ਰਭਾਵ ਦੇ ਜੰਗਲ ਵਿੱਚ ਉੱਗਣਗੇ। ਵਿਜ਼ਨਰੀਜ਼ ਪਾਥ ਤੋਂ ਹੋਰ ਅੱਪਡੇਟ ਅਤੇ ਇਵੈਂਟਸ ਲਈ ਬਣੇ ਰਹੋ ਕਿਉਂਕਿ ਉਹ ਬਦਲਾਅ ਪੈਦਾ ਕਰਦੇ ਰਹਿੰਦੇ ਹਨ ਅਤੇ ਭਾਈਚਾਰਿਆਂ ਨੂੰ ਪ੍ਰੇਰਿਤ ਕਰਦੇ ਹਨ।

## ਲੁਧਿਆਣਾ ਵਿਚ ਬਿਨ੍ਹਾਂ ਛੱਤ ਤੋਂ ਭੁੰਜੇ ਸੌਂਦੇ ਬਿਮਾਰ ਬਜ਼ੁਰਗ ਨੂੰ ਮਿਲਿਆ ਸਵਰਗ ਰੂਪੀ ਰਹਿਣ ਬਸੇਰਾ





14 ਦਸੰਬਰ ਨੂੰ ਲੁਧਿਆਣਾ ਸ਼ਹਿਰ ਦੇ ਮਾਡਲ ਟਾਊਨ 'ਚ ਪੈਂਦੇ ਤਿਕੋਨਾ ਪਾਰਕ 'ਚ ਖੁੱਲ੍ਹੇ ਅਸਮਾਨ ਥੱਲੇ ਭੁੰਜੇ ਸੌਣ ਵਾਲੇ ਲਾਵਾਰਸ ਬਿਮਾਰ ਬਜ਼ੁਰਗ ਨੂੰ ਸਰਾਭਾ ਆਸ਼ਰਮ ਦੇ ਮੁੱਖ ਸੇਵਾਦਾਰ ਡਾ. ਨੌਰੰਗ ਸਿੰਘ ਮਾਂਗਟ ਅਤੇ ਉਹਨਾਂ ਦੇ ਸਹਿਯੋਗੀ ਸੇਵਾਦਾਰ ਚੁੱਕ ਕੇ ਸਰਾਭਾ ਪਿੰਡ ਨਜ਼ਦੀਕ ਬਣੇ ਗੁਰੂ ਅਮਰ ਦਾਸ ਅਪਾਹਜ ਆਸ਼ਰਮ 'ਚ ਲੈ ਆਏ । ਆਸ਼ਰਮ 'ਚ ਮਿਲਦੀ ਮੈਡੀਕਲ ਸਹਾਇਤਾ ਅਤੇ ਹੋਰ ਸੁਵਿਧਾਵਾਂ ਨੇ ਉਸ ਦੀ ਜ਼ਿੰਦਗੀ ਹੀ ਰੁਸ਼ਨਾ ਦਿੱਤੀ।

ਪਿਛਲੇ ਕੁੱਝ ਹਫ਼ਤਿਆਂ ਤੋਂ 65 ਸਾਲਾ ਸ਼ੰਕਰ ਨਾਮ ਦਾ ਇਹ ਲਵਾਰਸ ਮਰੀਜ਼ ਲੁਧਿਆਣਾ ਮਾਡਲ ਟਾਊਨ ਦੇ ਤਿਕੋਨਾ ਪਾਰਕ ਵਿੱਚ ਪਿਆ ਸੀ। ਇਸ ਪਾਰਕ ਦੇ ਨਜ਼ਦੀਕ ਹੀ ਰਹਿਣ ਵਾਲੀ ਨਿਸ਼ੂ ਨਾਮ ਦੀ ਲੜਕੀ ਨੇ ਆਸ਼ਰਮ ਵਿੱਚ ਫ਼ੋਨ ਕਰਕੇ ਉਪਰੋਕਤ ਬਜ਼ੁਰਗ ਦੇ ਪਾਰਕ ਵਿੱਚ ਪਿਆ ਹੋਣ ਬਾਰੇ ਦੱਸਿਆ। ਉਸ ਨੇ ਦੱਸਿਆ ਕਿ ਇਹ ਬਜ਼ੁਰਗ ਮਲ-ਮੂਤਰ ਵੀ ਕੱਪੜਿਆਂ ਵਿੱਚ ਹੀ ਕਰਦਾ ਹੈ ਅਤੇ ਇਸਦੀ ਹਾਲਤ ਬਹੁਤ ਖਰਾਬ ਹੈ। ਜੇਕਰ ਇਸਨੂੰ ਰਹਿਣ ਲਈ ਯੋਗ ਜਗ੍ਹਾ ਤੇ ਮੈਡੀਕਲ ਸਹਾਇਤਾ ਨਾ ਮਿਲੀ ਤਾਂ ਇਸਦਾ ਬਚਣਾ ਅਸੰਭਵ ਹੈ।

ਆਸ਼ਰਮ ਦੇ ਮੁੱਖ ਸੇਵਾਦਾਰ ਡਾ. ਨੌਰੰਗ ਸਿੰਘ ਮਾਂਗਟ, ਸੇਵਾਦਾਰ ਪ੍ਰੇਮ ਸਿੰਘ ਅਤੇ ਡਰਾਇਵਰ ਹਰਦੀਪ ਸਿੰਘ ਨੇ ਤੁਰੰਤ ਉਸ ਪਾਰਕ ਵਿੱਚ ਪਹੁੰਚ ਕੇ ਦੇਖਿਆ ਕਿ ਬਜ਼ੁਰਗ ਦੀ ਹਾਲਤ ਬਹੁਤ ਤਰਸਯੋਗ ਬਣੀ ਹੋਈ ਸੀ । ਹੱਥਾਂ -ਪੈਰਾਂ ਦੇ ਵਧੇ ਹੋਏ ਨਹੁੰ, ਪੈਰਾਂ ਤੋਂ ਨੰਗਾ, ਤਨ ਤੇ ਪਾਏ ਮੈਲੇ-ਕੁਚੈਲੇ ਕੱਪੜਿਆਂ ਦੇ ਵਿੱਚ ਹੀ ਮਲ-ਮੂਤਰ ਅਤੇ ਲੈਟਰੀਨ ਆਦਿ ਕੀਤੀ ਹੋਈ ਸੀ। ਇਹਨਾਂ ਦੇ ਕੋਲੋਂ ਬਹੁਤ ਬਦਬੂ ਮਾਰ ਰਹੀ ਸੀ। ਆਸ਼ਰਮ ਦੇ ਸੇਵਾਦਰਾਂ ਵੱਲੋਂ ਇਸ ਬਜ਼ੁਰਗ ਨੂੰ ਚੁੱਕ ਕੇ ਆਸ਼ਰਮ 'ਚ ਲਿਆਂਦਾ ਗਿਆ। ਆਸ਼ਰਮ 'ਚ ਇਸਨੂੰ ਇਸ਼ਨਾਨ ਕਰਵਾਇਆ ਗਿਆ, ਪ੍ਰਸ਼ਾਦਾ-ਪਾਣੀ ਛਕਾਇਆ ਗਿਆ, ਮੰਜਾਂ-ਬਿਸਤਰਾ ਦਿੱਤਾ ਗਿਆ ਅਤੇ ਮੈਡੀਕਲ ਸਹਾਇਤਾ ਦਿੱਤੀ ਗਈ।

ਹਾਲਤ ਵਿੱਚ ਕੁਝ ਸੁਧਾਰ ਹੋਣ ਉਪਰੰਤ ਇਹਨਾਂ ਨਾਲ ਗੱਲ-ਬਾਤ ਕੀਤੀ ਗਈ ਤਾਂ ਇਹਨਾ ਨੇ ਦੱਸਿਆ ਕਿ ਇਹ 12 ਸਾਲ ਦੀ ਉਮਰ 'ਚ ਹੀ ਲੁਧਿਆਣੇ ਆ ਗਏ ਸਨ। ਉਸ ਸਮੇਂ ਤੋਂ ਹੀ ਲੁਧਿਆਣੇ ਵਿੱਚ ਮਜ਼ਦੂਰੀ ਕਰਕੇ ਆਪਣਾ ਗੁਜ਼ਾਰਾ ਕਰਦੇ ਸਨ। ਰਹਿਣ ਲਈ ਕੋਈ ਜਗ੍ਹਾ ਨਾ ਹੋਣ ਕਰਕੇ ਜ਼ਿਆਦਾ ਤਰ ਇਹ ਸੜਕਾਂ ਕਿਨਾਰੇ ਜਾਂ ਮੰਦਰਾਂ ਦੇ ਬਾਹਰ ਹੀ ਸੌਂ ਜਾਂਦੇ ਸਨ। ਹੁਣ ਕੁੱਝ ਹਫ਼ਤਿਆਂ ਤੋਂ ਇਹ ਮਾਡਲ ਟਾਊਨ ਦੇ ਤ੍ਰਿਕੋਨਾ ਪਾਰਕ ਵਿੱਚ ਭੁੰਜੇ ਹੀ ਸੌਂਦੇ ਸਨ। ਉਮਰ ਜ਼ਿਆਦਾ ਹੋਣ ਕਰਕੇ ਹੁਣ ਕੋਈ ਕੰਮ-ਕਾਜ ਵੀ ਨਹੀਂ ਮਿਲਦਾ ਸੀ, ਜਿਸ ਕਰਕੇ ਕਈ ਵਾਰ ਭੁੱਖਾ ਹੀ ਸੌਣਾ ਪੈਂਦਾ ਸੀ । ਹੁਣ ਆਸ਼ਰਮ 'ਚ ਆਉਣ ਉਪਰੰਤ ਚੰਗੀ ਸੇਵਾ-ਸੰਭਾਲ ਦਾ ਸਦਕਾ ਇਹ ਬਜ਼ੁਰਗ ਬਹੁਤ ਖੁਸ਼ ਦਿਖਾਈ ਦੇ ਰਹੇ ਹਨ ਕਿਉਂਕਿ ਕਿੱਥੇ ਭੁੱਖੇ ਪੇਟ ਸੜਕਾਂ ਕਿਨਾਰੇ ਭੁੰਜੇ ਹੱਡ ਰਗੜਨੇ, ਹੁਣ ਰੱਜਵਾਂ ਭੋਜਨ ਤੇ ਗਦੈਲਿਆਂ 'ਤੇ ਸੌਣਾ ।

ਇਸ ਸੰਸਥਾ ਦੇ ਬਾਨੀ ਡਾ. ਨੌਰੰਗ ਸਿੰਘ ਮਾਂਗਟ ਅਤੇ ਪ੍ਰਧਾਨ ਚਰਨ ਸਿੰਘ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਸੈਂਕੜੇ ਹੀ ਮਰੀਜ਼ਾਂ ਨੂੰ ਸੜਕਾਂ ਤੋਂ ਚੁੱਕ ਕੇ ਇਸ ਆਸ਼ਰਮ 'ਚ ਲਿਆਂਦਾ ਗਿਆ ਹੈ। ਇਸ ਆਸ਼ਰਮ ਵਿੱਚ ਦੋ ਸੌ (200) ਦੇ ਕਰੀਬ ਦਿਮਾਗੀ ਸੰਤੁਲਨ ਗੁਆ ਚੁੱਕੇ ਅਤੇ ਹੋਰ ਬਿਮਾਰੀਆਂ ਨਾਲ ਪੀੜਤ ਲਾਵਾਰਸ-ਬੇਘਰ ਮਰੀਜ਼ ਪੱਕੇ ਤੌਰ 'ਤੇ ਰਹਿੰਦੇ ਹਨ ਜਿਨ੍ਹਾਂ 'ਚ ਬਹੁਤ ਸਾਰੇ ਮਰੀਜ਼ ਪੂਰੀ ਸੁੱਧ-ਬੁੱਧ ਨਾ ਹੋਣ ਕਰਕੇ ਕੱਪੜਿਆਂ ਵਿੱਚ ਹੀ ਮਲ-ਮੂਤਰ ਕਰਦੇ ਹਨ। ਆਸ਼ਰਮ ਵਲੋਂ ਕੀਤੀ ਜਾ ਰਹੀ ਇਹ ਨਿਰਸਵਾਰਥ ਸੇਵਾ ਗੁਰੂ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਹੀ ਚੱਲ ਰਹੀ ਹੈ।

CAPITAL SERVICES
INSURANCE · VEHICLE REG. · IMMIGRATION · NOTARY PUBLIC · LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

Dr. Randhawa Dentistry
Your own dentist who really cares for you
We Provide the following Services:
• Dental Crowns, Veneers & Bridges
• Dental Fillings & Gum Treatment
• Root Canal (RCT), Dentures, Extraction
• Kids Dentistry
• Wisdom Tooth Surgery
• Invisalign (Invisible Braces)
• Digital X-Rays System
• Teeth Cleaning & Whitening
• Cosmetic Dental Treatment
• ਸੀਨੀਅਰ ਡਿਸਕਾਊਂਟ
• ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
• ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
Dr. Samreet Kaur Randhawa
General Family Dentist
New Patients welcome
Deal Directly with all Insurance Companies
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL,
JAMES POTTER / BONNIE BRAES INTERSECTION)
Tel : 905-230-9044
Mayfield Rd
Mcvean Dr
Gore Rd
DENTISTRY
Squire Ellis Dr
Countryside Dr

Grand Upholstery Ltd
Sofa Company Originality in Every Piece
Special on Sale
ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

# ਪੰਜਾਬ ਸਰਕਾਰ ਵੱਲੋ ਸਿਵਲ ਸਰਜਨ ਫਰੀਦਕੋਟ ਡਾ ਅਨਿਲ ਗੋਇਲ ਨੂੰ ਤਰੱਕੀ ਦੇ ਕੇ ਡਾਇਰੈਕਟਰ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਲਗਾਇਆ



ਫਰੀਦਕੋਟ, 18 ਦਸੰਬਰ (ਗਿਆਨ ਸਿੰਘ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋ ਸਿਵਲ ਸਰਜਨ ਫਰੀਦਕੋਟ ਡਾ. ਅਨਿਲ ਗੋਇਲ ਨੂੰ ਜਿਲੇ ਅੰਦਰ ਵਧੀਆਂ ਸਿਹਤ ਸੇਵਾਵਾਂ ਆਮ ਲੋਕਾਂ ਤੱਕ ਪਹੁੰਚਾਉਣ ਦੇ ਮੱਦੇਨਜਰ ਅਤੇ ਕਾਬਲੀਅਤ ਨੂੰ ਦੇਖਦੇ ਹੋਏ ਤਰੱਕੀ ਦੇ ਕੇ ਡਾਇਰੈਕਟਰ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਲਗਾਇਆ ਗਿਆ ਹੈ। ਉਨ੍ਹਾਂ ਅੱਜ ਮੁਹਾਲੀ ਵਿਖੇ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਵਿਖੇ ਆਪਣਾ ਅਹੁਦਾ ਸੰਭਾਲ ਲਿਆ ਹੈ । ਵਿਭਾਗ ਵੱਲੋ ਡਾ ਅਨਿਲ ਗੋਇਲ ਨੂੰ ਇਸੇ ਸਾਲ ਅਪ੍ਰੈਲ ਮਹੀਨੇ ਦੌਰਾਨ ਸੀਨੀਅਰ ਮੈਡੀਕਲ ਅਫਸਰ ਸੀਐਚਸੀ ਗੋਨਿਆਣਾ ਜਿਲਾ ਬਠਿੰਡਾ ਤੋ ਤਰੱਕੀ ਦੇ ਕੇ ਸਿਵਲ ਸਰਜਨ ਫਰੀਦਕੋਟ ਲਗਾਇਆ ਗਿਆ ਸੀ ।

ਉਨ੍ਹਾਂ ਆਪਣੇ ਕੁਝ ਮਹੀਨੇ ਦੇ ਕਾਰ-ਜਕਾਲ ਦੌਰਾਨ ਇਮਾਨਦਾਰੀ ਅਤੇ ਅਣਥੱਕ ਯਤਨਾਂ ਸਦਕਾ ਫਰੀਟਕੋਟ ਵਿਖੇ ਜਿਲਾ ਵਾਸੀਆਂ ਨੂੰ ਘਰ ਦੇ ਨੇੜੇ ਨੂੰ ਵਧੀਆਂ ਸਿਹਤ ਸਹੂਲਤਾਂ ਉਪਲਬੱਧ ਕਰਵਾਉਣ ਲਈ ਸਰਕਾਰ ਵੱਲੋ ਸ਼ੂਰੂ ਕੀਤੇ ਮਿਸ਼ਨ ਦੇ ਮੱਦੇਨਜਰ ਸਿਵਲ ਹਸਪਤਾਲ ਵਿਖੇ ਇਲਾਜ ਦੀਆਂ ਮਿਲਣ ਵਾਲੀਆਂ ਸੇਵਾਂਵਾ ਵਿੱਚ ਵਾਧਾ ਕੀਤਾ ਜਿਨਾਂ ਵਿੱਚ ਗੁਰਦਿਆਂ ਦੇ ਰੋਗਾਂ ਪੀੜਤ ਮਰੀਜਾਂ ਲਈ ਡਾਇਲਸੈਸ, ਐਮਰਜੈਂਸ਼ੀ ਵਿੱਚ ਖੂਨ ਦੀ ਲੋੜ ਪੂਰੀ ਕਰਨ ਲਈ ਬਲੱਡ ਸੈਂਟਰ, ਗੋਡੇ ਅਤੇ ਚੂਲਾ ਬਦਲਣ ਦੀਆਂ ਸੇਵਾਵਾਂ, ਫਿਜੀਓਥਰੈਪੀ ਯੂਨਿਟ ਲਈ ਸਾਜੋਸਮਾਨ,ਦੂਰਬੀਨ ਰਾਂਹੀ ਸਰਜਰੀ, ਅਯੂਸ਼ਮਾਨ ਫਾਰਮੈਸੀ ਆਦਿ ਤਾਂ ਜੋ ਆਮ ਜਨਤਾ ਨੂੰ ਬਿਨਾਂ ਕਿਸੇ ਮੁਸ਼ਕਲ ਤੋ ਵਧੀਆ ਤੇ ਮੁਫਤ ਇਲਾਜ ਮਿਲ ਸਕੇ।

ਉਨ੍ਹਾਂ ਪਹਿਲਕਦਮੀ ਕਰਦਿਆ ਫਰੀਦਕੋਟ ਜਿਲੇ ਵਿੱਚ ਜੱਚਾ ਬੱਚਾ ਦੀ ਰਜਿਸ਼ਟਰੇਸਨ , ਟੀਕਾਕਰਨ ਅਤੇ ਸੰਪੂਰਨ ਚੈਕ ਅੱਪ ਨੂੰ ਇੱਕ ਕੜੀ ਦੇ ਰੂਪ ਵਿੱਚ ਵਿਭਾਗ ਦੀ ਟੀਮ ਦੁਆਰਾ ਫੈਰੀਵਾਈ ਕਰਨ ਲਈ ਸੁਜਾਤਾ ਐਪ ਵੀ ਤਿਆਰ ਕੀਤੀ ,ਜਿਸਦਾ ਉਦਘਾਟਨ ਅਕਤੂਬਰ ਮਹੀਨੇ ਦੌਰਾਨ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਵੱਲੋ ਕੀਤਾ ਗਿਆ ਸੀ। ਸਮੇ ਸਮੇ ਤੇ ਸਿਹਤ ਮੰਤਰੀ ਪੰਜਾਬ ਡਾ ਬਲਵੀਰ ਸਿੰਘ ਵੱਲੋ ਵੀ ਫਰੀਦਕੋਟ ਵਿਖੇ ਆਪਣੀ ਵਿਜਟ ਦੌਰਾਨ ਉਨਾਂ ਵੱਲੋ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ। ਇਸ ਦੌਰਾਨ ਸਿਹਤ ਵਿਭਾਗ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋ ਉਨਾਂ ਦਾ ਪੂਰਾ ਸਹਿਯੋਗ ਦਿੱਤਾ ਗਿਆ ।

ਅੱਜ ਬਤੌਰ ਡਾਇਰੈਕਟਰ ਦੀ ਪਦਉੱਨਤੀ ਹੋਣ ਤੇ ਡਾ ਅਨਿਲ ਗੋਇਲ ਨੂੰ ਉਨਾਂ ਦੇ ਸ਼ੁੱਭਚਿੰਤਕਾਂ ਅਤੇ ਸਮੂਹ ਸਟਾਫ ਵੱਲੋ ਵਧਾਈਆਂ ਦਿੱਤੀਆ ਅਤੇ ਮੂੰਹ ਮਿੱਠਾ ਕਰਵਾਇਆ ਤੇ ਗੁਲਦਸਤੇ ਵੀ ਭੇਟ ਕੀਤਾ।

# ਪਦ ਉਨਤੀ ਉਪਰੰਤ ਡਾ. ਨਵਜੋਤ ਕੌਰ ਐਮ.ਡੀ. ਗਾਇਨੀ ਨੇ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਦਾ ਸੰਭਾਲਿਆ ਅਹੁਦਾ



ਸ੍ਰੀ ਮੁਕਤਸਰ ਸਾਹਿਬ, 18 ਦਸੰਬਰ (ਗਿਆਨ ਸਿੰਘ): ਪੰਜਾਬ ਸਰਕਾਰ ਵੱਲੋਂ ਕੀਤੀ ਗਈ ਪਦ ਉੱਨਤੀ ਉਪਰੰਤ ਅੱਜ ਡਾ. ਨਵਜੋਤ ਕੌਰ ਐਮ.ਡੀ. ਗਾਇਨੀ ਨੇ ਬਤੌਰ ਸਿਵਲ ਸਰਜਨ ਸ੍ਰੀ ਮਕੁਤਸਰ ਸਾਹਿਬ ਆਪਣਾ ਅਹੁਦਾ ਸੰਭਾਲਿਆ ਗਿਆ।

ਇਸ ਤੋਂ ਪਹਿਲਾਂ ਉਹ ਜਿਲ੍ਹਾ ਫਹਿਤਗੜ੍ਹ ਸਾਹਿਬ ਵਿਖੇ ਬਤੌਰ ਜਿਲ੍ਹਾ ਸਿਹਤ ਅਫਸਰ ਆਪਣੀਆਂ ਸੇਵਾਵਾਂ ਨਿਭਾ ਰਹੇ ਸਨ।

ਇਸ ਮੌਕੇ ਦਫਤਰ ਸਿਵਲ ਸਰਜਨ ਦੇ ਸਮੂਹ ਪ੍ਰੋਗਰਾਮ ਅਫਸਰਾਂ ਅਤੇ ਸਟਾਫ਼ ਵਲੋ ਡਾ. ਨਵਜੋਤ ਕੌਰ ਨੂੰ ਫੁੱਲਾਂ ਦਾ ਗੁੱਲਦਸਤਾ ਦੇ ਕੇ ਸਵਾਗਤ ਕੀਤਾ ਅਤੇ ਪਦ ਉੱਨਤੀ ਲਈ ਵਧਾਈ ਦੇ ਕੇ ਜੀ ਆਇਆਂ ਕਿਹਾ ਗਿਆ ।

ਇਸ ਮੌਕੇ ਡਾ. ਨਵਜੋਤ ਕੌਰ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਨੇ ਕਿਹਾ ਕਿ ਡਾ. ਬਲਵੀਰ ਸਿੰਘ ਸਿਹਤ ਮੰਤਰੀ ਪੰਜਾਬ ਵੱਲੋਂ ਉਨ੍ਹਾਂ ਤੇ ਵਿਸ਼ਵਾਸ ਪਰਗਟ ਕਰਦਿਆਂ ਉਨ੍ਹਾਂ ਨੂੰ ਤਰੱਕੀ ਦੇ ਕੇ ਸਿਵਲ ਸਰਜਨ ਸ਼੍ਰੀ ਮੁਕਤਸਰ ਦੀ ਜਿੰਮੇਵਾਰੀ ਸੌਂਪੀ ਗਈ ਹੈ।

ਉਹ ਇਹ ਜਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਆਮ ਲੋਕਾਂ ਨੂੰ ਸਿਵਲ ਹਸਪਤਾਲਾਂ ਅਤੇ ਸਿਹਤ ਵਿਭਾਗ ਦੇ ਦਫਤਰਾਂ ਵਿਚ ਆਉਣ ਤੇ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ ਅਤੇ ਉਨ੍ਹਾਂ ਦਾ ਇਲਾਜ ਅਤੇ ਹੋਰ ਲੋੜੀਂਦੀ ਸਹਾਇਤਾ ਪਹਿਲ ਦੇ ਅਧਾਰ ਤੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦਾ ਜਿਲ੍ਹਾ ਮੁਖੀ ਹੋਣ ਦੇ ਨਾਤੇ ਸਿਹਤ ਵਿਭਾਗ ਦੇ ਸਾਰੇ ਸਰਕਾਰੀ ਪ੍ਰੋਗਰਾਮਾਂ ਨੂੰ ਇੰਨ-ਬਿੰਨ ਲਾਗੂ ਕਰਨਾ ਅਤੇ ਆਮ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣਾਂ ਮੇਰਾ ਮੁੱਖ ਮਕਸਦ ਹੋਵੇਗਾ। ਜਿਲ੍ਹੇ ਦੇ ਸਾਰੇ ਸਰਕਾਰੀ ਹਸਪਤਾਲਾਂ ਵਿਚ ਔਰਤਾਂ ਅਤੇ ਬੱਚਿਆਂ ਦਾ ਚੈਕਅਪ ਅਤੇ ਇਲਾਜ ਪਹਿਲ ਦੇ ਅਧਾਰ ਤੇ ਕੀਤਾ ਜਾਵੇਗਾ ਅਤੇ ਜੱਚਾ ਬੱਚਾ ਸੇਵਾਵਾਂ ਨੂੰ ਹੋਰ ਉੱਚਾ ਚੁੱਕਣ ਲਈ ਯੋਗ ਉਪਰਾਲੇ ਕੀਤੇ ਜਾਣਗੇ।ਉਨ੍ਹਾਂ ਅਹੁਦਾ ਸੰਭਾਲਦਿਆਂ ਸਿਹਤ ਵਿਭਾਗ ਦੇ ਸਮੂਹ ਅਧਿਕਾਰੀਆਂ ਅਤੇ ਸਟਾਫ ਨੂੰ ਕਿਹਾ ਕਿ ਸਿਹਤ ਸੰਸਥਾਵਾਂ ਵਿਚ ਆਉਣ ਵਾਲੇ ਲੋਕਾਂ ਨਾਲ ਨਰਮੀ ਵਾਲਾ ਵਰਤਾਓ ਕੀਤਾ ਜਾਵੇ ਅਤੇ ਪਹਿਲ ਦੇ ਅਧਾਰ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾਵੇ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਅਤੇ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

ਇਸ ਮੌਕੇ ਡਾ ਪ੍ਰਭਜੀਤ ਸਿੰਘ ਸਹਾਇਕ ਸਿਵਲ ਸਰਜਨ, ਡਾ ਬੰਦਨਾ ਬਾਂਸਲ ਡਿਪਟੀ ਮੈਡੀਕਲ ਕਮਿਸ਼ਨਰ, ਡਾ ਦੁਪਿੰਦਰ ਕੁਮਾਰ ਜਿਲ੍ਹਾ ਸਿਹਤ ਅਫਸਰ , ਡਾ. ਅਮਨਪ੍ਰੀਤ ਸਿੰਘ ਐਮ.ਐਸ. ਸਰਜਰੀ, ਮਨਵੀਰ ਕੌਰ, ਮਨੋਹਰ ਲਾਲ ਸੁਪਰਡੈਂਟ, ਸੁਨੀਲ ਕੁਮਾਰ,ਦੀਪਕ ਕੁਮਾਰ ਡੀ.ਪੀ.ਐਮ.,ਸੁਖਮੰਦਰ ਸਿੰਘ ਜਿਲ੍ਹਾ ਮਾਸ ਮੀਡੀਆ ਅਫਸਰ, ਹਰਿਤਾ ਬਾਂਸਲ, ਮਨਪ੍ਰੀਤ ਕੌਰ, ਸਤਵੀਰ ਕੌਰ, ਰੁਪਿੰਦਰ ਕੌਰ ਸੁਪਰਡੰਟ, ਭੁਪਿੰਦਰ ਸਿੰਘ ਸਟੈਨੋ ਅਤੇ ਦਫਤਰ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਦੇ ਸਮੂਹ ਸਟਾਫ ਨੇ ਸਿਵਲ ਸਰਜਨ ਡਾ. ਨਵਜੋਤ ਕੌਰ ਨੂੰ ਉਨ੍ਹਾਂ ਦੀ ਤਰੱਕੀ ਤੇ ਵਧਾਈ ਦਿੱਤੀ ਅਤੇ ਨਿੱਘਾ ਸਵਾਗਤ ਕੀਤਾ ਗਿਆ।


## ਟੋਇੰਗ ਅਤੇ ਸਟੋਰੇਜ ਇੰਡਸਟਰੀ ਵਿੱਚ ਓਨਟੈਰੀਓ ਪ੍ਰੋਵਿੰਸੀਅਲ ਦੇ ਨਵੇਂ ਬਦਲਾਅ

1 ਜਨਵਰੀ, 2024 ਤੋਂ, ਸਿਟੀ ਆਫ ਬ੍ਰੈਂਪਟਨ, ਬ੍ਰੈਂਪਟਨ ਵਿੱਚ ਟੋਇੰਗ ਅਤੇ ਸਟੋਰੇਜ ਇੰਡਸਟਰੀ ਦੀ ਨਿਗਰਾਨੀ ਨਹੀਂ ਕਰੇਗੀ। ਮਿਨਿਸਟਰੀ ਆਫ ਟ੍ਰਾਂਸਪੋਰਟੇਸ਼ਨ (ਐਮ.ਟੀ.ਓ.) (Ministry of Transportation) (MTO) ਇਹ ਭੂਮਿਕਾ ਨਿਭਾਵੇਗਾ ਅਤੇ ਪੂਰੇ ਸੂਬੇ ਵਿੱਚ, ਨਵਾਂ ਮਿਨਿਸਟਰੀ ਆਫ ਟ੍ਰਾਂਸਪੋਰਟੇਸ਼ਨ (ਐਮ.ਟੀ.ਓ.) ਟੋਇੰਗ ਅਤੇ ਸਟੋਰੇਜ ਸੇਫਟੀ ਐਨਫੋਰਸਮੈਂਟ ਐਕਟ (ਟੀ.ਐਸ.ਐਸ.ਈ.ਏ.) (Towing and Storage Safety Enforcement Act) (TSSEA) ਲਾਗੂ ਕਰੇਗਾ।

ਟੀ.ਐਸ.ਐਸ.ਈ.ਏ. (TSSEA) ਨੇ ਪੂਰਵ ਮਿਉਨਿਸਿਪਲ ਨਿਗਰਾਨੀ ਨੂੰ ਬਦਲਦੇ ਹੋਏ, ਟੋਇੰਗ ਅਤੇ ਵਾਹਨ ਸਟੋਰੇਜ ਸੈਕਟਰ ਲਈ ਪ੍ਰੋਵਿੰਸੀਅਲ ਫ੍ਰੇਮਵਰਕ ਸਥਾਪਤ ਕੀਤਾ ਹੈ।

**1 ਜਨਵਰੀ, 2024 ਤੋਂ ਲਾਗੂ**

- ਓਪਰੇਟਰ ਅਤੇ ਟੋ ਟਰੱਕ ਡ੍ਰਾਈਵਰਾਂ ਨੂੰ ਸਿਰਫ ਪ੍ਰੋਵਿੰਸੀਅਲ ਗਵਰਨੈਂਸ ਦੀ ਪਾਲਣਾ ਕਰਨੀ ਪਵੇਗੀ।
- ਜਨਵਰੀ ਅਤੇ ਮਾਰਚ 2024 ਦੇ ਵਿਚਕਾਰ, ਟੋ ਟਰੱਕ ਅਤੇ ਸਟੋਰੇਜ ਦੀਆਂ ਉਲੰਘਣਾਵਾਂ ਸਬੰਧੀ ਸ਼ਿਕਾਇਤਾਂ ਓਨਟੈਰੀਓ ਸੂਬੇ ਕੋਲ, towing@ontario.ca ਤੇ ਈਮੇਲ ਭੇਜ ਕੇ ਜਮ੍ਹਾਂ ਕੀਤੀਆਂ ਜਾਣਗੀਆਂ। ਸੂਬਾ, ਅੱਪਡੇਟ ਕੀਤੀ ਸ਼ਿਕਾਇਤ ਪ੍ਰਕਿਰਿਆ ਬਾਰੇ ਮਾਰਚ ਵਿੱਚ ਹੋਰ ਵੇਰਵੇ ਪ੍ਰਦਾਨ ਕਰੇਗਾ।

ਵਧੇਰੇ ਜਾਣਕਾਰੀ ਲਈ, **www.brampton.ca/licensing** ਤੇ ਜਾਓ।

www.brampton.ca/bylaws

BRAMPTON



LOCAL & LONG DISTANCE MOVING

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate of Excellence THREE BEST RATED

SAFE, RELIABLE AND EFFICIENT SERVICE AT THE BEST RATES




URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED IN YOUR NEIGHBOURHOOD

**Brampton Ontario (Dir/Cross St:Kennedy/Bovaird)**



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਸੋਹਣਾ ਜਿਹਾ ਘਰ, 3 ਬੈਡਰੂਮ ਅਤੇ 4 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ, 1+1 ਕਿਚਨ, ਮੇਨ ਅਤੇ ਦੂਜੀ ਮੰਜ਼ਲ ਦੇ ਫਲੋਰ ਲੈਮੀਨੇਟਡ ਹਨ, ਮਾਸਟਰ ਬੈਡਰੂਮ ਵਿਚ 4 ਪੀਸੀ ਇਨ-ਸੂਟ ਅਤੇ ਵਾਕਿੰਗ ਕਲੋਜ਼ਟ, ਚਾਰਦਿਵਾਰੀ ਦੇ ਨਾਲ ਯਾਰਡ, ਅਤੇ ਹੋਰ ਵੀ ਬਹੁਤ ਕੁੱਝ।

**Brampton Ontario (Dir/Cross St:The Gore/Castlemore/Gardenbrok)**



ਖ਼ੂਬਸੂਰਤ ਡਿਟੈਚਡ ਘਰ, ਜਿਸ ਵਿਚ 4+2 ਬੈਡਰੂਮ + ਲੌਫਟ + 5 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ ਅਲੱਗ ਇੰਟਰੈਂਸ ਦੇ ਨਾਲ, 1+1 ਕਿਚਨ, ਸਾਰੇ ਬੈਡਰੂਮਜ਼ ਵਿਚ ਲੈਮੀਨੇਟਡ ਫਲੋਰ, ਪ੍ਰਾਇਮਰੀ ਬੈਡਰੂਮ ਵਿਚ 5 ਪੀਸੀ ਇਨਸੂਟ ਅਤੇ ਵਾਕ ਇਨ ਕਲੋਜ਼ਟ, ਦੋ ਮਾਸਟਰ ਬੈਡਰੂਮ, ਪਾਠ/ਪੂਜਾ ਲਈ ਸਥਾਨ ਅਤੇ ਹੋਰ ਵੀ ਬਹੁਤ ਕੁੱਝ।

**Caledon Ontario (Dir/Cross St:Mayfield/ Mclaughlin/Tweedhill)**



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

**Brampton Ontario (Dir/Cross St:Bramalea/Father Tobin /Fernfor)**



ਰੈਂਪਟਨ ਵਿਚ 3000-3500 ਸਕੁਏਅਰ ਫੁੱਟ ਦਾ ਸੋਹਣਾ ਜਿਹਾ 3 ਸਟੋਰੀ ਡਿਟੈਚਟਡ ਘਰ, ਬਰੈਮਲੀ/ਫਾਦਰ ਟੌਬਿਨ/ਫਰਨਫੌਰ ਇੰਟਰਸੈਕਸ਼ਨ ਉਤੇ ਸਥਿਤ, 5+1 ਬੈਡਰੂਮਜ਼ + 5 ਵਾਸ਼ਰੂਮਜ਼, 2 ਫੈਮਿਲੀ ਰੂਮ ਅਤੇ 2 ਮਾਸਟਰ ਬੈਡਰੂਮਜ਼ ਦੇ ਨਾਲ, ਉਪਰਲੇ ਫਲੋਰ ਦੇ ਸਾਰੇ ਬੈਡਰੂਮਜ਼ ਲੈਮੀਨੇਟਡ, ਕੁਆਰਟਸ ਸੀ ਟਾਪ ਦੇ ਨਾਲ ਸੁੰਦਰ ਕਿਚਨ, ਗੈਰਾਜ ਤੋਂ ਡੋਰ ਐਂਟਰੀ, ਅੰਦਰ ਅਤੇ ਬਾਹਰ ਪੌਟ ਲਾਈਟਾਂ ਲੱਗੀਆਂ ਹੋਈਆਂ, ਦੂਸਰੇ ਫਲੋਰ ਉਤੇ ਲਾਊਂਡਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਸਾਊਂਡ ਸਿਸਟਮ ਦੇ ਨਾਲ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232

JAG AUJLA 416-371-7777

NOT INTENDED TO SOLICIT BUYERS OR SELLERS CURRENTLY UNDER CONTRACT




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017